**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ੍ਰੀ ਅਜੀਤ ਸਿੰਘ, (99148-64200)
ਪੁੱਤਰ ਸ਼੍ਰੀ ਬਾਬੂ ਸਿੰਘ,
ਵਾਸੀ ਪਿੰਡ ਰਾਮਪੁਰ ਸੈਣੀਆ,
ਤਹਿਸੀਲ ਡੇਰਾ ਬੱਸੀ,
ਜ਼ਿਲ੍ਹਾ ਮੁਹਾਲੀ। -----ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਤਹਿਸੀਲਦਾਰ ਡੇਰਾ ਬੱਸੀ,
ਜ਼ਿਲ੍ਹਾ ਮੁਹਾਲੀ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਉਪ ਮੰਡਲ ਮੈਜਿਸਟਰੇਟ, ਡੇਰਾ ਬੱਸੀ,
ਜ਼ਿਲ੍ਹਾ ਮੁਹਾਲੀ। ------ਉੱਤਰਦਾਤਾ

**ਅਪੀਲ ਕੇਸ ਨੰ:4133 ਆਫ 2018**

**ਹਾਜ਼ਰ:-**

1) ਸ੍ਰੀ ਅਜੀਤ ਸਿੰਘ, ਅਪੀਲਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵਲੋਂ ਸ਼੍ਰੀ ਰਵਿੰਦਰ ਕਮਾਰ, ਸੁਪਰਡੰਟ (89686-54995)

**ਹੁਕਮ:-**

ਅੱਜ ਪੇਸ਼ੀ ਸਮੇਂ ਦੋਵੇਂ ਧਿਰਾਂ ਨੂੰ ਸੁਣਿਆ ਗਿਆ।

2. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵਲੋਂ ਹਾਜ਼ਰ ਸ਼੍ਰੀ ਰਵਿੰਦਰ ਕਮਾਰ, ਸੁਪਰਡੰਟ ਨੇ ਕਿਹਾ ਹੈ ਕਿ ਅਪੀਲਕਰਤਾ ਨੂੰ ਸੂਚਨਾ ਮੁਹੱਈਆ ਕਰਵਾਈ ਜਾ ਚੁੱਕੀ ਹੈ। ਪਰੰਤੂ ਅਪੀਲਕਰਤਾ ਨੇ ਕਿਹਾ ਹੈ ਕਿ ਉਸ ਨੂੰ ਅਧੂਰੀ ਸੁਚਨਾ ਦਿੱਤੀ ਗਈ ਹੈ ਅਤੇ ਤੱਕ ਉਸ ਨੂੰ ਫੀਲਡ ਬੁੱਕ ਅਤੇ ਤਰੀਕਾ ਤਕਸੀਮ ਬਾਰੇ ਸੂਚਨਾ ਨਹੀਂ ਦਿੱਤੀ ਗਈ। ਹਾਜ਼ਰ ਉੱਤਰਦਾਤਾ ਨੇ ਕਿਹਾ ਹੈ ਕਿ ਫੀਲਡ ਬੁੱਕ ਅਤੇ ਤਰੀਕਾ ਤਕਸੀਮ ਬਾਰੇ ਸੂਚਨਾ ਉਨ੍ਹਾਂ ਕੋਲ ਉਪਲਬਧ ਨਹੀਂ ਹੈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਅਪੀਲਕਰਤਾ ਵੱਲੋਂ ਮੰਗੀ ਗਈ ਸੂਚਨਾ ਸਬੰਧੀ ਵਿਸਥਾਰ-ਪੂਰਵਕ ਜਵਾਬ ਅਪੀਲਕਰਤਾ ਨੂੰ ਦਿੱਤਾ ਜਾਵੇ ਅਤੇ ਜੇਕਰ ਕੋਈ ਸੂਚਨਾ ਉਨ੍ਹਾਂ ਦੇ ਰਿਕਾਰਡ ਵਿੱਚ ਉਪਲਬਧ ਨਹੀਂ ਹੈ ਤਾਂ ਉਸ ਬਾਰੇ ਹਲਫੀਆ-ਬਿਆਨ ਪੇਸ਼ ਕੀਤਾ ਜਾਵੇ ਅਤੇ ਹਲਫੀਆ-ਬਿਆਨ ਦੀ ਤਸਦੀਕ-ਬੁਦਾ ਕਾਪੀ ਅਪੀਲਕਰਤਾ ਨੂੰ ਦਿੱਤੀ ਜਾਵੇ। ਇਸ ਹਦਾਇਤ ਦੇ ਨਾਲ ਇਹ ਕੇਸ **ਅਗਲੀ ਸੁਣਵਾਈ ਮਿਤੀ 08-04-2019 ਨੂੰ ਸਵੇਰੇ 11-30 ਵਜੇ ਲਈ** ਨਿਸਚਿਤ ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
ਰਾਜ ਸੂਚਨਾ ਕਮਿਸ਼ਨਰ, ਪੰਜਾਬ।

ਮਿਤੀ: ਚੰਡੀਗੜ੍ਹ, 07 ਮਾਰਚ, 2019.

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ੍ਰੀ ਯੋਗੇਸ਼ ਪਾਠਕ, (90416-39575)
ਪੁੱਤਰ ਸ਼੍ਰੀ ਗਿਰੀਸ਼ ਚੰਦਰਾ ਪਾਠਕ,
ਫਲੈਟ ਨੰ:ਪਾਲਮ 101,
ਅੰਸਾਲਜ਼ ਵੁੱਡਬਰੀ ਅਪਾਰਟਮੈਂਟਸ,
ਹਾਈ ਲੈਂਡ ਮਾਰਗ, ਜ਼ੀਰਕਪੁਰ,
ਜ਼ਿਲ੍ਹਾ ਮੁਹਾਲੀ। -----ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਨਗਰ ਕੌਂਸਿਲ, ਜ਼ੀਰਕਪੁਰ,
ਜ਼ਿਲ੍ਹਾ ਮੁਹਾਲੀ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਰਿਜਨਲ ਡਿਪਟੀ ਡਾਇਰੈਕਟਰ,
ਅਰਬਨ ਲੋਕਲ ਬਾਡੀਜ਼,
ਪਟਿਆਲਾ।

(ਰਜਿਸਟਰਡ) ਸ਼੍ਰੀ ਮਨਵੀਰ ਸਿੰਘ ਗਿੱਲ,
ਲੋਕ ਸੂਚਨਾ ਅਧਿਕਾਰੀ,
ਦਫਤਰ ਨਗਰ ਕੌਂਸਿਲ, ਜ਼ੀਰਕਪੁਰ,
ਜ਼ਿਲ੍ਹਾ ਮੁਹਾਲੀ। ------ਉੱਤਰਦਾਤਾ

**ਅਪੀਲ ਕੇਸ ਨੰ:4136 ਆਫ 2018**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਸੂਰੀਆ ਕਾਂਤ (98146-66492)।
2) ਉੱਤਰਦਾਤਾ ਵਲੋਂ ਕੋਈ ਵੀ ਨਹੀਂ।

**ਹੁਕਮ:-**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇੱਕ ਬਿਨੈ ਪੱਤਰ ਮਿਤੀ 25-04-2018 ਨੂੰ ਲੋਕ ਸੂਚਨਾ ਅਧਿਕਾਰੀ, ਦਫਤਰ ਨਗਰ ਕੌਂਸਿਲ, ਜ਼ੀਰਕਪੁਰ, ਜ਼ਿਲ੍ਹਾ ਮੁਹਾਲੀ ਨੂੰ ਪੇਸ਼ ਕੀਤਾ ਗਿਆ ਸੀ ਜਿਸ ਰਾਹੀਂ ਅਪੀਲਕਰਤਾ ਨੇ ਸਵੱਛ ਭਾਰਤ ਮਿਸ਼ਨ ਅਧੀਨ ਸਕੀਮ ਨੂੰ ਲਾਗੂ ਕਰਨ ਲਈ ਤਿਆਰ ਕੀਤੇ ਗਏ ਡਿਟੇਲਡ ਪ੍ਰੋਜੈਕਟ ਰਿਪੋਰਟ ਨਾਲ ਸਬੰਧਤ 4 ਨੁਕਤਿਆਂ ਬਾਰੇ ਸੂਚਨਾ ਮੰਗੀ ਸੀ। ਲੋਕ ਸੂਚਨਾ ਅਧਿਕਾਰੀ ਵਲੋਂ ਮੰਗੀ ਗਈ ਸੂਚਨਾ ਮੁਹੱਈਆ ਨਾ ਕਰਨ ਕਾਰਨ ਉਸ ਨੇ ਮਿਤੀ 02-08-2018 ਨੂੰ ਅਪੀਲਕਰਤਾ ਨੇ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ । ਉਸ ਉਪਰੰਤ ਮਿਤੀ 03-12-2018 ਨੂੰ ਅਪੀਲਕਰਤਾ ਨੇ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ। ਕਮਿਸ਼ਨ ਵੱਲੋਂ ਮਿਤੀ 02-01-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ, ਮਿਤੀ 04-02-2019 ਲਈ ਨਿਸਚਿਤ ਕੀਤਾ ਗਿਆ ਸੀ।

2. ਪੇਸ਼ੀ, ਮਿਤੀ 04-02-2019 ਤੇ ਅਪੀਲਕਰਤਾ ਨੇ ਹਾਜ਼ਰ ਹੋ ਕੇ ਦੱਸਿਆ ਸੀ ਕਿ ਉਸ ਨੂੰ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਕੋਈ ਵੀ ਹਾਜ਼ਰ ਨਹੀਂ ਹੋਇਆ ਸੀ ਅਤੇ ਨਾ ਹੀ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਕੋਈ ਸੂਚਨਾ ਹੀ ਭੇਜੀ ਗਈ ਸੀ ਜਿਸ ਦਾ ਕਮਿਸ਼ਨ ਵੱਲੋਂ ਗੰਭੀਰ ਨੋਟਿਸ ਲਿਆ ਗਿਆ ਸੀ। ਇਸ ਲਈ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਗਈ ਸੀ ਕਿ

ਚਲਦਾ----ਪੰਨਾ/2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



**ਅਪੀਲ ਕੇਸ ਨੰ:4136 ਆਫ 2018**

ਅਪੀਲਕਰਤਾ ਦੇ ਬਿਨੈ-ਪੱਤਰ ਅਨੁਸਾਰ, ਸੂਚਨਾ ਦਾ ਅਧਿਕਾਰ ਐਕਟ, 2005 ਦੇ ਉਪਬੰਧਾਂ ਤਹਿਤ ਬਣਦੀ ਸੂਚਨਾ ਅਪੀਲਕਰਤਾ ਨੂੰ ਪੇਸ਼ੀ ਦੀ ਅਗਲੀ ਮਿਤੀ ਤੋਂ ਪਹਿਲਾਂ-ਪਹਿਲਾਂ ਰਜਿਸਟਰਡ ਡਾਕ ਰਾਹੀਂ ਮੁਹੱਈਆ ਕਰਵਾਈ ਜਾਵੇ ਅਤੇ ਅਗਲੀ ਪੇਸ਼ੀ ਤੇ ਨਿੱਜੀ ਤੌਰ ਤੇ ਹਾਜ਼ਰ ਹੋ ਕੇ ਪਿਛਲੀ ਪੇਸ਼ੀ ਤੇ ਹਾਜ਼ਰ ਨਾ ਹੋਣ ਬਾਰੇ ਸਪੱਸ਼ਟੀਕਰਣ ਵੀ ਪੇਸ਼ ਕੀਤਾ ਜਾਵੇ। ਇਸ ਹਦਾਇਤ ਦੇ ਨਾਲ ਇਹ ਕੇਸ ਅਗਲੀ ਸੁਣਵਾਈ ਮਿਤੀ 07-03-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

3. ਅੱਜ ਫਿਰ ਪੇਸ਼ੀ ਤੇ ਅਪੀਲਕਰਤਾ ਨੇ ਹਾਜ਼ਰ ਹੋ ਕੇ ਦੱਸਿਆ ਹੈ ਕਿ ਉਸ ਨੂੰ ਮੰਗੀ ਗਈ ਸੂਚਨਾ ਅਜੇ ਤੱਕ ਪ੍ਰਾਪਤ ਨਹੀਂ ਹੋਈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਅੱਜ ਫਿਰ ਕੋਈ ਵੀ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਅੱਜ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਕੋਈ ਸੂਚਨਾ ਹੀ ਭੇਜੀ ਗਈ ਹੈ।

4. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਕਮਿਸ਼ਨ ਦੇ ਹੁਕਮਾਂ ਦੀ ਕੋਈ ਪ੍ਰਵਾਹ ਨਾ ਕਰਦੇ ਹੋਏ ਕਿਸੇ ਵੀ ਪੇਸ਼ੀ ਤੇ ਹਾਜ਼ਰ ਨਹੀਂ ਹੋ ਰਿਹਾ ਅਤੇ ਨਾ ਹੀ ਉਸ ਵੱਲੋਂ ਅਪੀਲਕਰਤਾ ਦੀ ਆਰ.ਟੀ.ਆਈ., ਮਿਤੀ 25-04-2018 ਦੇ ਸਬੰਧ ਵਿੱਚ ਲਗਭੱਗ 10 ਮਹੀਨੇ ਤੋਂ ਵੱਧ ਸਮਾਂ ਬੀਤ ਜਾਣ ਦੇ ਬਾਵਜੂਦ ਵੀ ਅਜੇ ਤੱਕ ਅਪੀਲਕਰਤਾ ਨੂੰ ਮੰਗੀ ਗਈ ਸੂਚਨਾ ਹੀ ਮੁਹੱਈਆ ਕਰਵਾਈ ਗਈ ਹੈ ਜਦੋਂ ਕਿ ਸੂਚਨਾ ਦਾ ਅਧਿਕਾਰ ਐਕਟ, 2005 ਦੇ ਉਪਬੰਧਾਂ ਤਹਿਤ ਸ਼ਿਕਾਇਤਕਰਤਾ ਨੂੰ 30 ਦਿਨਾਂ ਦੇ ਅੰਦਰ-ਅੰਦਰ ਸੂਚਨਾ ਮੁਹੱਈਆ ਕਰਵਾਉਣੀ ਬਣਦੀ ਸੀ। ਇਸ ਤੋਂ ਜ਼ਾਹਿਰ ਹੈ ਕਿ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਸੂਚਨਾ ਦਾ ਅਧਿਕਾਰ ਐਕਟ, 2005 ਨਾਲ ਸਬੰਧਤ ਮਾਮਲਿਆਂ ਨੂੰ ਨਿਪਟਾਉਣ ਵੱਲ ਕੋਈ ਵਿਸ਼ੇਸ਼ ਧਿਆਨ ਨਹੀਂ ਦੇ ਰਿਹਾ, ਜਿਸ ਦਾ ਕਮਿਸ਼ਨ ਵੱਲੋਂ ਗੰਭੀਰ ਨੋਟਿਸ ਲਿਆ ਗਿਆ ਹੈ।

5. ਉਪਰੋਕਤ ਦਰਸਾਈ ਗਈ ਸਥਿਤੀ ਦੇ ਸਨਮੁੱਖ ਉੱਤਰਦਾਤਾ, ਸ਼੍ਰੀ ਮਨਵੀਰ ਸਿੰਘ ਗਿੱਲ,ਲੋਕ ਸੂਚਨਾ ਅਧਿਕਾਰੀ, ਦਫਤਰ ਨਗਰ ਕੌਂਸਿਲ, ਜ਼ੀਰਕਪੁਰ, ਜ਼ਿਲ੍ਹਾ ਮੁਹਾਲੀ ਨੂੰ ਸੂਚਨਾ ਦਾ ਅਧਿਕਾਰ ਐਕਟ, 2005 ਦੇ ਭਾਗ 20 (1) ਤਹਿਤ ਕਾਰਨ-ਦੱਸੋ ਨੋਟਿਸ ਜਾਰੀ ਕੀਤਾ ਜਾਂਦਾ ਹੈ ਕਿ ਉਹ ਹਲਫੀਆ-ਬਿਆਨ ਰਾਹੀਂ ਕਾਰਨ ਸਪੱਸ਼ਟ ਕਰਨ ਕਿ ਕਿਉਂ ਨਾ ਉਨ੍ਹਾਂ ਨੂੰ ਅਪੀਲਕਰਤਾ ਵੱਲੋਂ ਬਿਨੈ-ਪੱਤਰ ਪੇਸ਼ ਕਰਨ ਦੀ ਮਿਤੀ ਤੋਂ ਅਪੀਲਕਰਤਾ ਨੂੰ ਲੋੜੀਂਦੀ ਸੂਚਨਾ ਮੁਹੱਈਆ ਕਰਨ ਦੀ ਮਿਤੀ ਤੱਕ 250/-ਰੁਪਏ ਪ੍ਰਤੀ ਦਿਨ ਦੇ ਹਿਸਾਬ ਨਾਲ ਪਰ ਵੱਧ ਤੋਂ ਵੱਧ 25,000/-ਰੁਪਏ ਤੱਕ ਜੁਰਮਾਨੇ ਦੀ ਸਜ਼ਾ ਦਿੱਤੀ ਜਾਵੇ।

ਉਕਤ ਤਜਵੀਜ਼ਤ ਸਜ਼ਾ ਦੇਣ ਤੋਂ ਪਹਿਲਾਂ ਸੂਚਨਾ ਦਾ ਅਧਿਕਾਰ ਐਕਟ, 2005 ਦੇ ਭਾਗ 20 (1) ਦੇ ਹੇਠਾਂ ਦਿੱਤੇ ਗਏ ਪ੍ਰੋਵੀਜ਼ੋ ਤਹਿਤ ਸਬੰਧਤ ਅਧਿਕਾਰੀ ਨੂੰ ਆਪਣਾ ਜਵਾਬ ਪੇਸ਼ ਕਰਨ ਦਾ ਮੌਕਾ ਦਿੰਦੇ ਹੋਏ ਇਹ ਵੀ ਸਪੱਸ਼ਟ ਕੀਤਾ ਜਾਂਦਾ ਹੈ ਕਿ ਜੇਕਰ ਉਹ ਨਿਸ਼ਚਿਤ ਮਿਤੀ ਤੋਂ ਪਹਿਲਾਂ ਜਾਂ ਨਿਸ਼ਚਿਤ ਮਿਤੀ ਤੇ ਹਾਜ਼ਰ ਹੋ ਕੇ ਆਪਣਾ ਲਿਖਤੀ ਜਵਾਬ ਪੇਸ਼ ਨਹੀਂ ਕਰਦੇ ਤਾਂ ਇਹ ਸਮਝ ਲਿਆ ਜਾਵੇਗਾ ਕਿ ਉਹ ਆਪਣੇ ਪੱਖ ਵਿੱਚ ਕੁੱਝ ਵੀ ਕਹਿਣਾ ਨਹੀਂ ਚਾਹੁੰਦੇ ਅਤੇ ਐਕਟ ਦੇ ਉਪਬੰਧਾਂ ਤਹਿਤ ਉਨ੍ਹਾਂ ਵਿਰੁੱਧ ਬਣਦੀ ਅਗਲੇਰੀ ਇਕਤਰਫਾ ਕਾਰਵਾਈ ਕੀਤੀ ਜਾਵੇਗੀ। ਇਸ ਲਈ ਇਹ ਕੇਸ **ਅਗਲੀ ਸੁਣਵਾਈ ਮਿਤੀ 09-04-2019 ਨੂੰ ਸਵੇਰੇ 11.30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
ਰਾਜ ਸੂਚਨਾ ਕਮਿਸ਼ਨਰ, ਪੰਜਾਬ।

ਮਿਤੀ: ਚੰਡੀਗੜ੍ਹ, 07 ਮਾਰਚ, 2019.

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ੍ਰੀ ਮਲਕੀਅਤ ਸਿੰਘ, ਐਡਵੋਕੇਟ,
ਸਿਵਲ ਕੋਰਟ ਦਸੂਆ,
ਜ਼ਿਲ੍ਹਾ ਹੁਸ਼ਿਆਰਪੁਰ। -----ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਬਲਾਕ ਵਿਕਾਸ ਤੇ ਪੰਚਾਇਤ ਅਫਸਰ,
ਦਸੂਆ, ਜ਼ਿਲ੍ਹਾ ਹੁਸ਼ਿਆਰਪੁਰ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਜ਼ਿਲ੍ਹਾ ਵਿਕਾਸ ਤੇ ਪੰਚਾਇਤ ਅਫਸਰ,
ਦਸੂਆ, ਜ਼ਿਲ੍ਹਾ ਹੁਸ਼ਿਆਰਪੁਰ। ---ਉੱਤਰਦਾਤਾ

**ਅਪੀਲ ਕੇਸ ਨੰ:4138 ਆਫ 2018**

**ਹਾਜ਼ਰ:-**

1) ਸ੍ਰੀ ਮਲਕੀਅਤ ਸਿੰਘ, ਐਡਵੋਕੇਟ, ਅਪੀਲਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵਲੋਂ ਸ਼੍ਰੀ ਹਰਦੀਪ ਸਿੰਘ, ਸੁਪਰਡੰਟ (94658-83035)।

**ਹੁਕਮ:-**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇੱਕ ਬਿਨੈ ਪੱਤਰ ਮਿਤੀ 20-04-2018 ਨੂੰ ਲੋਕ ਸੂਚਨਾ ਅਧਿਕਾਰੀ ਦਫਤਰ ਬਲਾਕ ਵਿਕਾਸ ਤੇ ਪੰਚਾਇਤ ਅਫਸਰ, ਦਸੂਆ, ਜ਼ਿਲ੍ਹਾ ਹੁਸ਼ਿਆਰਪੁਰ ਨੂੰ ਪੇਸ਼ ਕੀਤਾ ਗਿਆ ਸੀ ਜਿਸ ਰਾਹੀਂ ਅਪੀਲਕਰਤਾ ਨੇ ਪਿੰਡ ਸਵਾਰ ਦੀਆਂ ਗਲੀਆਂ ਨਾਲ ਸਬੰਧਤ 02 ਨੁਕਤਿਆਂ ਬਾਰੇ ਸੂਚਨਾ ਮੰਗੀ ਸੀ। ਲੋਕ ਸੂਚਨਾ ਅਧਿਕਾਰੀ ਵਲੋਂ ਮੰਗੀ ਗਈ ਸੂਚਨਾ ਮੁਹੱਈਆ ਨਾ ਕਰਨ ਕਾਰਨ ਉਸ ਨੇ ਮਿਤੀ 01-10-2018 ਨੂੰ ਅਪੀਲਕਰਤਾ ਨੇ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ । ਉਸ ਉਪਰੰਤ ਮਿਤੀ 22-11-2018 ਨੂੰ ਅਪੀਲਕਰਤਾ ਨੇ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ। ਕਮਿਸ਼ਨ ਵੱਲੋਂ ਮਿਤੀ 02-01-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ, ਮਿਤੀ 04-02-2019 ਲਈ ਨਿਸਚਿਤ ਕੀਤਾ ਗਿਆ ਸੀ।

2. ਪੇਸ਼ੀ ਮਿਤੀ, 04-02-2019 ਤੇ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵਲੋਂ ਹਾਜ਼ਰ ਸ਼੍ਰੀ ਹਰਦੀਪ ਸਿੰਘ, ਸੁਪਰਡੰਟ ਨੇ ਕਿਹਾ ਸੀ ਕਿ ਉਨ੍ਹਾਂ ਵਲੋਂ ਅਪੀਲਕਰਤਾ ਨੂੰ ਮੰਗੀ ਗਈ ਸੂਚਨਾ ਮੁਹੱਈਆ ਕਰਵਾਈ ਜਾ ਚੁੱਕੀ ਹੈ ਜਿਸ ਬਾਰੇ ਉਨ੍ਹਾਂ ਵੱਲੋ ਆਪਣੇ ਪੱਤਰ ਨੰ:51-53, ਮਿਤੀ 15-01-2019 ਰਾਹੀਂ ਕਮਿਸ਼ਨ ਨੂੰ ਵੀ ਸੂਚਿਤ ਕੀਤਾ ਹੋਇਆ ਸੀ। ਅਪੀਲਕਰਤਾ ਨੇ ਮੰਨਿਆਸੀ ਕਿ ਉਸ ਨੂੰ ਸੂਚਨਾ ਪ੍ਰਾਪਤ ਹੋ ਗਈ ਹੈ ਪਰੰਤੂ ਉਸ ਵੱਲੋਂ ਇਹ ਵੀ ਕਿਹਾ ਗਿਆ ਸੀ ਹੈ ਕਿ ਉਸ ਨੂੰ ਸੂਚਨਾ ਬਹੁਤ ਲੇਟ ਦਿੱਤੀ ਗਈ ਹੈ। ਇਸ ਕਰਕੇ ਉਸ ਵੱਲੋਂ ਮੁਆਵਜ਼ੇ ਲਈ ਬੇਨਤੀ ਕੀਤੀ ਗਈ ਸੀ। ਇਸ ਲਈ ਕਮਿਸ਼ਨ ਦੇ ਹੁਕਮ, ਮਿਤੀ 04-02-2019 ਰਾਹੀਂ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਸੂਚਨਾ ਦਾ ਅਧਿਕਾਰ ਐਕਟ, 2005 ਦੀ ਧਾਰਾ 19(8)(ਅ) ਤਹਿਤ ਹਦਾਇਤ ਕੀਤੀ ਗਈ ਸੀ ਕਿ ਮੁਆਵਜ਼ੇ ਵਜੋਂ

ਚਲਦਾ---ਪੰਨਾ/2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



**ਅਪੀਲ ਕੇਸ ਨੰ:4138 ਆਫ 2018**

5000/-ਰੁਪਏ (ਕੇਵਲ ਪੰਜ ਹਜ਼ਾਰ ਰੁਪਏ) ਦੀ ਰਾਸ਼ੀ ਦੀ ਅਪੀਲਕਰਤਾ ਨੂੰ ਬੈਂਕ ਡਰਾਫ਼ਟ ਰਾਹੀਂ ਅਦਾਇਗੀ ਕਰਕੇ ਸਬੂਤ ਵਜੋਂ ਰਸੀਦ ਪੇਸ਼ੀ ਦੀ ਅਗਲੀ ਮਿਤੀ ਤੇ ਕਮਿਸ਼ਨ ਨੂੰ ਪੇਸ਼ ਕੀਤੀ ਜਾਵੇ। ਇਸ ਹਦਾਇਤ ਨਾਲ ਇਹ ਕੇਸ ਅਗਲੀ ਸੁਣਵਾਈ ਮਿਤੀ 07-03-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

3. ਅੱਜ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵਲੋਂ ਹਾਜ਼ਰ ਸ਼੍ਰੀ ਹਰਦੀਪ ਸਿੰਘ, ਸੁਪਰਡੰਟ ਨੇ ਪੱਤਰ ਨੰ:438, ਮਿਤੀ 20-02-2019 ਪੇਸ਼ ਕਰਦੇ ਹੋਏ ਦੱਸਿਆ ਹੈ ਕਿ ਕਮਿਸ਼ਨ ਦੇ ਹੁਕਮਾਂ ਅਨੁਸਾਰ ਅਪੀਲਕਰਤਾ ਨੂੰ 5000/-ਰੁਪਏ (ਕੇਵਲ ਪੰਜ ਹਜ਼ਾਰ ਰੁਪਏ) ਦੀ ਰਾਸ਼ੀ ਦੀ ਮੁਆਵਜ਼ੇ ਵਜੋਂ ਮਿਤੀ 13-02-2019 ਨੂੰ ਅਦਾਇਗੀ ਕੀਤੀ ਜਾ ਚੁੱਕੀ ਹੈ।ਅਪੀਲਕਰਤਾ ਨੇ ਮੰਨਿਆ ਹੈ ਕਿ ਉਸ ਨੂੰ ਮੁਆਵਜ਼ੇ ਦੀ ਰਕਮ ਪਾਪਤ ਹੋ ਗਈ ਹੈ। ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫਤਰ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
**ਮਿਤੀ: ਚੰਡੀਗੜ੍ਹ, 07 ਮਾਰਚ, 2019.** ਰਾਜ ਸੂਚਨਾ ਕਮਿਸ਼ਨਰ, ਪੰਜਾਬ।

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**


ਸ਼੍ਰੀ ਰਮਨਦੀਪ ਸਿੰਘ ਆਹਲੂਵਾਲੀਆ, (94175-94553)
ਵਾਰਡ ਨੰ:18, ਗਲੀ ਨੰ:2,
ਕਰਤਾਰ ਨਗਰ, ਅਮਲੋਹ ਰੋਡ,
ਖੰਨਾ-141401,
ਜ਼ਿਲ੍ਹਾ ਲੁਧਿਆਣਾ। ------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤ਼ਰ ਨਗਰ ਕੌਂਸਿਲ,
ਖੰਨਾ।

ਪਹਿਲੀ ਅਪੀਲੀ ਅਥਾਰਟੀ,
ਦਫਤ਼ਰ ਰਿਜਨਲ ਡਿਪਟੀ ਡਾਇਰੈਕਟਰ,
ਸਥਾਨਕ ਸਰਕਾਰ, ਲੁਧਿਆਣਾ। ------ਉੱਤਰਦਾਤਾ

**ਅਪੀਲ ਕੇਸ ਨੰ: 2942 ਆਫ 2018**

**ਹਾਜ਼ਰ:-** 1) ਅਪੀਲਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ(ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਰਾਜੀਵ ਕੁਮਾਰ, ਐਮ.ਈ. (97815-92047)।

**ਹਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇੱਕ ਬਿਨੈ ਪੱਤਰ ਮਿਤੀ 10-04-2018 ਨੂੰ ਲੋਕ ਸੂਚਨਾ ਅਧਿਕਾਰੀ, ਦਫਤਰ ਦਫਤ਼ਰ ਨਗਰ ਕੌਂਸਿਲ, ਖੰਨਾ ਨੂੰ ਪੇਸ਼ ਕੀਤਾ ਗਿਆ ਸੀ ਜਿਸ ਰਾਹੀਂ ਉਸ ਵੱਲੋਂ ਸ਼੍ਰੀ ਕੇਵਲ ਸਿੰਘ, ਜੂਨੀਅਰ ਇੰਜੀਨੀਅਰ ਦੀ ਐਮ.ਬੀ. ਬੁਕਸ ਵਿੱਚ ਦਰਜ਼ ਬਿੱਲਾਂ ਦੀ ਇੰਸਪੈਕਸ਼ਨ ਆਦਿ ਨਾਲ ਸਬੰਧਤ 2 ਨੁਕਤਿਆਂ ਬਾਰੇ ਸੂਚਨਾ ਮੰਗੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 11-06-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਪਹਿਲੀ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਮਿਤੀ 31-08-2018 ਨੂੰ ਅਪੀਲਕਰਤਾ ਨੇ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਜਿਸ ਨੂੰ ਪੜਚੋਲਣ ਉਪਰੰਤ ਕਮਿਸ਼ਨ ਵੱਲੋਂ ਮਿਤੀ 08-10-2018 ਨੂੰ ਪਹਿਲੀ ਸੁਣਵਾਈ, ਮਿਤੀ 12-11-2018 ਨੂੰ ਸਵੇਰੇ 11-30 ਵਜੇ ਲਈ ਨੋਟਿਸ ਜਾਰੀ ਕੀਤਾ ਗਿਆ ਸੀ।

2. ਪਿਛਲੀ ਪੇਸ਼ੀ, ਮਿਤੀ 04-02-2019 ਤੇ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਮੁਨੀਸ਼ ਰਤਨ, ਵਰਕਸ ਕਲਰਕ ਨੇ ਕਿਹਾ ਸੀ ਕਿ ਅਪੀਲਕਰਤਾ ਨੂੰ ਸੂਚਨਾ ਪਹਿਲਾਂ ਹੀ ਭੇਜੀ ਜਾ ਚੁੱਕੀ ਹੈ ਅਤੇ ਉਹ ਸੂਚਨਾ ਨਾਲ ਲੈ ਕੇ ਵੀ ਆਇਆ ਸੀ। ਹਾਜ਼ਰ ਉੱਤਰਦਾਤਾ ਵੱਲੋਂ ਅਪੀਲਕਰਤਾ ਨੂੰ ਸੂਚਨਾ ਵਿਖਾਈ ਸੀ ਅਤੇ ਅਪੀਲਕਰਤਾ ਨੇ ਸੂਚਨਾ ਵੇਖ ਕੇ ਕਿਹਾ ਸੀ ਕਿ ਉਹ ਪਹਿਲਾਂ ਵਾਲੀ ਸੂਚਨਾ ਹੀ ਸੀ। ਅਪੀਲਕਰਤਾ ਨੂੰ ਹਦਾਇਤ ਕੀਤੀ ਗਈ ਸੀ ਕਿ ਜੇਕਰ ਉਸ ਨੂੰ ਪ੍ਰਾਪਤ ਹੋਈ ਸੂਚਨਾ ਵਿੱਚ ਕੋਈ ਤਰੁੱਟੀਆਂ ਪਾਈਆਂ ਜਾਣ ਤਾਂ ਉਨ੍ਹਾਂ ਬਾਰੇ ਲਿਖਤੀ ਰੂਪ ਵਿੱਚ ਲੋਕ ਸੂਚਨਾ ਅਧਿਕਾਰੀ ਨੂੰ ਸਿੱਧੇ ਤੌਰ ਤੇ ਸੂਚਿਤ ਕੀਤਾ ਜਾਵੇ ਤਾਂ ਜੋ ਉਨ੍ਹਾਂ ਦੀ ਪੂਰਤੀ ਹੋ ਸਕੇ। ਇਸ ਲਈ ਇਹ ਕੇਸ ਅਗਲੀ ਸੁਣਵਾਈ ਮਿਤੀ 07-03-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

3. ਅਪੀਲਕਰਤਾ ਅੱਜ ਹਾਜ਼ਰ ਨਹੀਂ ਹੋਇਆ ਪਰੰਤੂ ਉਸ ਵੱਲੋਂ ਅੱਜ ਹਾਜ਼ਰ ਨਾ ਹੋਣ ਬਾਰੇ ਈ.ਮੇਲ ਰਾਹੀਂ ਕਮਿਸ਼ਨ ਨੂੰ ਸੂਚਿਤ ਕਰਦੇ ਹੋਏ ਇਹ ਵੀ ਕਿਹਾ ਗਿਆ ਹੈ ਕਿ ਉਸ ਵੱਲੋਂ ਸੂਚਨਾ ਵਿੱਚ ਪਾਈਆਂ

ਚਲਦਾ---ਪੰਨਾ/2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



**ਅਪੀਲ ਕੇਸ ਨੰ:2942 ਆਫ 2018**

ਤਰੁੱਟੀਆਂ/ਰਿਕਾਰਡ ਦੀ ਇੰਸਪੈਕਸ਼ਨ ਬਾਰੇ ਉੱਤਰਦਾਤਾ ਨੂੰ ਬੇਨਤੀ ਕੀਤੀ ਗਈ ਸੀ ਪਰੰਤੂ ਉਸ ਨੂੰ ਅਜੇ ਤੱਕ ਕੋਈ ਜਵਾਬ ਪ੍ਰਾਪਤ ਨਹੀਂ ਹੋਇਆ। ਇਸ ਲਈ ਉਸ ਵੱਲੋਂ ਪੇਸ਼ੀ ਲਈ ਅਗਲੀ ਮਿਤੀ ਦੀ ਮੰਗ ਕੀਤੀ ਗਈ ਹੈ। ਉੱਤਰਦਾਤਾ(ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਰਾਜੀਵ ਕੁਮਾਰ, ਐਮ.ਈ. ਨੇ ਪੱਤਰ ਨੰ:1601, ਮਿਤੀ 06-03-2019 ਪੇਸ਼ ਕਰਦੇ ਹੋਏ ਕਿਹਾ ਹੈ ਕਿ ਅਪੀਲਕਰਤਾ ਵੱਲੋਂ ਮਿਤੀ 06-03-2019 ਤੱਕ ਸੂਚਨਾ ਵਿੱਚ ਪਾਈ ਗਈ ਕਿਸੇ ਵੀ ਤਰੁੱਟੀ ਬਾਰੇ ਉਨ੍ਹਾਂ ਨੂੰ ਕੋਈ ਪੱਤਰ ਪ੍ਰਾਪਤ ਨਹੀਂ ਹੋਇਆ। ਅਪੀਲਕਰਤਾ ਵੱਲੋਂ ਭੇਜੀ ਗਈ ਈ.ਮੇਲ ਵਿੱਚ ਕਿਸੇ ਪੱਤਰ ਦਾ ਜ਼ਿਕਰ ਨਹੀਂ ਕੀਤਾ ਗਿਆ ਕਿ ਉਸ ਵੱਲੋਂ ਕਿਸ ਪੱਤਰ ਨਾਲ ਅਤੇ ਕਿਸ ਮਿਤੀ ਨੂੰ ਸੂਚਨਾ ਵਿੱਚ ਤਰੁੱਟੀਆਂ ਬਾਰੇ ਉੱਤਰਦਾਤਾ ਨੂੰ ਸੂਚਿਤ ਕੀਤਾ ਗਿਆ ਹੈ। ਇਸ ਲਈ ਕਮਿਸ਼ਨ ਉੱਤਰਦਾਤਾ ਦੇ ਜਵਾਬ ਨਾਲ ਸਹਿਮਤ ਹੈ ਅਤੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫਤਰ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
ਰਾਜ ਸੂਚਨਾ ਕਮਿਸ਼ਨਰ, ਪੰਜਾਬ।

ਮਿਤੀ: ਚੰਡੀਗੜ੍ਹ, 07 ਮਾਰਚ, 2019.

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਮਿਸ ਸ਼ਰੂਤੀ ਐਡਵੋਕੇਟ,
82,ਲੇਬਰ ਕਲੋਨੀ,
ਸਕੂਟਰ ਮਾਰਕਿਟ ਦੇ ਪਿੱਛੇ,
ਗਿੱਲ ਰੋਡ ,ਲੁਧਿਆਣਾ (ਮੋਬ 9988721479) -----ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਕਮਿਸ਼ਨਰ,
ਨਗਰ ਨਿਗਮ, ਲੁਧਿਆਣਾ।

ਪਹਿਲੀ ਅਪੀਲੀ ਅਥਾਰਟੀ-ਕਮ-
ਕਮਿਸ਼ਨਰ, ਨਗਰ ਨਿਗਮ, ਲੁਧਿਆਣਾ। ------ਉੱਤਰਦਾਤਾ

**ਅਪੀਲ ਕੇਸ 2951 ਆਫ਼ 2018**

**ਹਾਜ਼ਰ:-** 1) ਅਪੀਲਕਰਤਾ ਵੱਲੋਂ ਕੋਈ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਰਾਹੁਲ ਕੁਮਾਰ ਪਾਲ, ਬਿਲਡਿੰਗ ਇੰਸਪੈਕਟਰ (70079-99864) ਅਤੇ ਸ਼੍ਰੀ ਕਰਨ ਪਾਠਕ, ਜੂਨੀਅਰ ਡਰਾਫਟਸਮੈਨ (98152-20788)।

**ਹਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇੱਕ ਬਿਨੈ ਪੱਤਰ ਮਿਤੀ 23-05-2018 ਨੂੰ ਲੋਕ ਸੂਚਨਾ ਅਧਿਕਾਰੀ, ਦਫਤਰ ਕਮਿਸ਼ਨਰ, ਨਗਰ ਨਿਗਮ, ਲੁਧਿਆਣਾ ਨੂੰ ਪੇਸ਼ ਕੀਤਾ ਗਿਆ ਸੀ ਜਿਸ ਰਾਹੀਂ ਉਸ ਵੱਲੋਂ ਨਗਰ ਨਿਗਮ, ਲੁਧਿਆਣਾ ਦੇ ਜੋਨ-ਬੀ ਦੇ ਖੇਤਰ ਵਿੱਚ ਹੋਈਆਂ ਨਜਾਇਜ਼ ਉਸਾਰੀਆਂ ਨਾਲ ਸਬੰਧਤ 07 ਨੁਕਤਿਆਂ ਬਾਰੇ ਸੂਚਨਾ ਮੰਗੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 28-06-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਪਹਿਲੀ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਮਿਤੀ 31-08-2018 ਨੂੰ ਅਪੀਲਕਰਤਾ ਨੇ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਜਿਸ ਨੂੰ ਪੜਚੋਲਣ ਉਪਰੰਤ ਕਮਿਸ਼ਨ ਵੱਲੋਂ ਮਿਤੀ 12-10-2018 ਨੂੰ ਪਹਿਲੀ ਸੁਣਵਾਈ, ਮਿਤੀ 13-11-2018 ਨੂੰ ਸਵੇਰੇ 11-30 ਵਜੇ ਲਈ ਨੋਟਿਸ ਜਾਰੀ ਕੀਤਾ ਗਿਆ ਸੀ।

2. ਅੱਜ ਪੇਸ਼ੀ ਸਮੇਂ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਰਾਹੁਲ ਕੁਮਾਰ ਪਾਲ, ਬਿਲਡਿੰਗ ਇੰਸਪੈਕਟਰ ਨੇ ਪੱਤਰ, ਮਿਤੀ 05-03-2019 ਦੀ ਕਾਪੀ ਪੇਸ਼ ਕਰਦੇ ਹੋਏ ਦੱਸਿਆ ਗਿਆ ਹੈ ਕਿ ਅਪੀਲਕਰਤਾ ਵੱਲੋਂ ਉਨ੍ਹਾਂ ਦੇ ਦਫ਼ਤਰ ਵਿਖੇ ਵਿਜਿਟ ਕੀਤੀ ਗਈ ਸੀ ਅਤੇ ਉਸ ਵੱਲੋਂ ਮੰਗੀ ਗਈ ਸੂਚਨਾ ਮਿਤੀ 05-03-2019 ਨੂੰ ਰਜਿਸਟਰਡ ਡਾਕ ਰਾਹੀਂ ਭੇਜੀ ਜਾ ਚੁੱਕੀ ਹੈ। ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ। ਅਪੀਲਕਰਤਾ ਅੱਜ ਹਾਜ਼ਰ ਨਹੀਂ ਹੋਈ ਅਤੇ ਨਾ ਹੀ ਉਸ ਵੱਲੋਂ ਅੱਜ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ। ਇਸ ਤੋਂ ਜ਼ਾਹਿਰ ਹੈ ਕਿ ਅਪੀਲਕਰਤਾ ਪ੍ਰਾਪਤ ਸੂਚਨਾ ਤੋਂ ਸੰਤੁਸ਼ਟ ਹੈ ਅਤੇ ਓਹ ਇਸ ਕੇਸ ਦੀ ਹੋਰ ਪੈਰਵਾਈ ਵਿੱਚ ਕੋਈ ਦਿਲਚਸਪੀ ਨਹੀਂ ਰੱਖਦੀ। ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫਤਰ** ਕੀਤਾ ਜਾਂਦਾ ਹੈ।

(ਨਿਧੜਕ ਸਿੰਘ ਬਰਾੜ)
ਮਿਤੀ: ਚੰਡੀਗੜ੍ਹ, 07 ਮਾਰਚ, 2019. ਰਾਜ ਸੂਚਨਾ ਕਮਿਸ਼ਨਰ, ਪੰਜਾਬ।

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਮਿਸ ਸ਼ਰੂਤੀ ਐਡਵੋਕੇਟ,
82,ਲੇਬਰ ਕਲੋਨੀ,
ਸਕੂਟਰ ਮਾਰਕਿਟ ਦੇ ਪਿੱਛੇ,
ਗਿੱਲ ਰੋਡ ,ਲੁਧਿਆਣਾ (ਮੋਬ 9988721479) -----ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਕਮਿਸ਼ਨਰ,
ਨਗਰ ਨਿਗਮ, ਲੁਧਿਆਣਾ

ਪਹਿਲੀ ਅਪੀਲੀ ਅਥਾਰਟੀ-ਕਮ-
ਕਮਿਸ਼ਨਰ, ਨਗਰ ਨਿਗਮ, ਲੁਧਿਆਣਾ। ------ਉੱਤਰਦਾਤਾ

**ਅਪੀਲ ਕੇਸ 2952 ਆਫ਼ 2018**

**ਹਾਜ਼ਰ:-** 1) ਅਪੀਲਕਰਤਾ ਵੱਲੋਂ ਕੋਈ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਰਾਹੁਲ ਕੁਮਾਰ ਪਾਲ, ਬਿਲਡਿੰਗ ਇੰਸਪੈਕਟਰ (70079-99864) ਅਤੇ ਸ਼੍ਰੀ ਕਰਨ ਪਾਠਕ, ਜੂਨੀਅਰ ਡਰਾਫਟਸਮੈਨ (98152-20788)।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇੱਕ ਬਿਨੈ ਪੱਤਰ ਮਿਤੀ 28-05-2018 ਨੂੰ ਲੋਕ ਸੂਚਨਾ ਅਧਿਕਾਰੀ, ਦਫਤਰ ਕਮਿਸ਼ਨਰ, ਨਗਰ ਨਿਗਮ, ਲੁਧਿਆਣਾ ਨੂੰ ਪੇਸ਼ ਕੀਤਾ ਗਿਆ ਸੀ ਜਿਸ ਰਾਹੀਂ ਉਸ ਵੱਲੋਂ ਨਗਰ ਨਿਗਮ, ਲੁਧਿਆਣਾ ਦੇ ਸੁੰਦਰ ਨਗਰ, ਕਲਿਆਣ ਨਗਰ, ਅਤੇ ਬਾਜਵਾ ਨਗਰ ਖੇਤਰ ਵਿੱਚ ਵਪਾਰਕ ਅਤੇ ਸਨਅਤੀ ਯੂਨਿਟਾਂ ਨਾਲ ਸਬੰਧਤ 04 ਨੁਕਤਿਆਂ ਬਾਰੇ ਸੂਚਨਾ ਮੰਗੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 28-06-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਪਹਿਲੀ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਮਿਤੀ 31-08-2018 ਨੂੰ ਅਪੀਲਕਰਤਾ ਨੇ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਜਿਸ ਨੂੰ ਪੜਚੋਲਣ ਉਪਰੰਤ ਕਮਿਸ਼ਨ ਵੱਲੋਂ ਮਿਤੀ 12-10-2018 ਨੂੰ ਅੱਜ ਪਹਿਲੀ ਸੁਣਵਾਈ, ਮਿਤੀ 13-11-2018 ਨੂੰ ਸਵੇਰੇ 11-30 ਵਜੇ ਲਈ ਨੋਟਿਸ ਜਾਰੀ ਕੀਤਾ ਗਿਆ ਸੀ।

2. ਅੱਜ ਪੇਸ਼ੀ ਸਮੇਂ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਰਾਹੁਲ ਕੁਮਾਰ ਪਾਲ, ਬਿਲਡਿੰਗ ਇੰਸਪੈਕਟਰ ਨੇ ਪੱਤਰ, ਮਿਤੀ 05-03-2019 ਦੀ ਕਾਪੀ ਪੇਸ਼ ਕਰਦੇ ਹੋਏ ਦੱਸਿਆ ਗਿਆ ਹੈ ਕਿ ਅਪੀਲਕਰਤਾ ਵੱਲੋਂ ਉਨ੍ਹਾਂ ਦੇ ਦਫ਼ਤਰ ਵਿਖੇ ਵਿਜਿਟ ਕੀਤੀ ਗਈ ਸੀ ਅਤੇ ਉਸ ਵੱਲੋਂ ਮੰਗੀ ਗਈ ਸੂਚਨਾ ਮਿਤੀ 05-03-2019 ਨੂੰ ਰਜਿਸਟਰਡ ਡਾਕ ਰਾਹੀਂ ਭੇਜੀ ਜਾ ਚੁੱਕੀ ਹੈ। ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ। ਅਪੀਲਕਰਤਾ ਅੱਜ ਹਾਜ਼ਰ ਨਹੀਂ ਹੋਈ ਅਤੇ ਨਾ ਹੀ ਉਸ ਵੱਲੋਂ ਅੱਜ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ। ਇਸ ਤੋਂ ਜ਼ਾਹਿਰ ਹੈ ਕਿ ਅਪੀਲਕਰਤਾ ਪ੍ਰਾਪਤ ਸੂਚਨਾ ਤੋਂ ਸੰਤੁਸ਼ਟ ਹੈ ਅਤੇ ਓਹ ਇਸ ਕੇਸ ਦੀ ਹੋਰ ਪੈਰਵਾਈ ਵਿੱਚ ਕੋਈ ਦਿਲਚਸਪੀ ਨਹੀਂ ਰੱਖਦੀ। ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫਤਰ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
ਮਿਤੀ: ਚੰਡੀਗੜ੍ਹ, 07 ਮਾਰਚ, 2019. ਰਾਜ ਸੂਚਨਾ ਕਮਿਸ਼ਨਰ, ਪੰਜਾਬ।

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਪ੍ਰੇਮ ਕੁਮਾਰ ਰਤਨ (98722-20039)
ਮਕਾਨ ਨੰ:78/8, ਪਾਰਕ ਰੋਡ,
ਨਵੀਂ ਮੰਡੀ, ਧੂਰੀ, ਤਹਿਸੀਲ ਧੂਰੀ,
ਜ਼ਿਲ੍ਹਾ ਸੰਗਰੂਰ। ..........ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਕਾਰਜ ਸਾਧਕ ਅਫਸਰ,
ਨਗਰ ਕੌਂਸਿਲ ਧੂਰੀ,
ਜ਼ਿਲ੍ਹਾ ਸੰਗਰੂਰ।

ਪਹਿਲੀ ਅਪੀਲੀ ਅਥਾਰਟੀ,
ਦਫ਼ਤਰ ਡਿਪਟੀ ਡਾਇਰੈਕਟਰ,
ਸਥਾਨਕ ਸਰਕਾਰ, ਪਟਿਆਲਾ। ........ ਉੱਤਰਦਾਤਾ

**ਅਪੀਲ ਕੇਸ ਨੰ:2069 ਆਫ਼ 2018**

**ਹਾਜ਼ਰ:-**

1) ਸ਼੍ਰੀ ਪ੍ਰੇਮ ਕੁਮਾਰ ਰਤਨ, ਅਪੀਲਕਰਤਾ।
2) ਉੱਤਰਦਾਤਾ ਵੱਲੋਂ ਕੋਈ ਨਹੀਂ।

**ਹਕਮ:**

ਅਪੀਲਕਰਤਾ ਨੇ ਅੱਜ ਹਾਜ਼ਰ ਹੋ ਕੇ ਕਮਿਸ਼ਨ ਦੇ ਅੰਤ੍ਰਿਮ ਹੁਕਮ, ਮਿਤੀ 05-02-2019 ਦੇ ਹਵਾਲੇ ਵਿੱਚ ਦੱਸਿਆ ਹੈ ਕਿ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਉਸ ਨੂੰ ਸੂਚਨਾ ਭੇਜਣ ਬਾਰੇ ਭੇਜਿਆ ਗਿਆ ਪੱਤਰ ਨੰ:3653/ਪੀ.ਆਈ.ਓ., ਮਿਤੀ 04-01-2019 ਪ੍ਰਾਪਤ ਨਹੀਂ ਹੋਇਆ। ਇਸ ਲਈ ਉਸ ਨੇ ਸੂਚਨਾ ਮੁਹੱਈਆ ਕਰਾਉਣ ਲਈ ਬੇਨਤੀ ਕੀਤੀ ਹੈ।

2. ਉੱਤਰਦਾਤਾ ਵੱਲੋਂ ਅੱਜ ਕੋਈ ਵੀ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਉਨ੍ਹਾਂ ਵੱਲੋਂ ਅੱਜ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ। ਦਫ਼ਤਰੀ ਰਿਕਾਰਡ ਨੂੰ ਵਾਚਣ ਤੇ ਇਹ ਪਾਇਆ ਗਿਆ ਹੈ ਕਿ ਅਪੀਲਕਰਤਾ ਵੱਲੋਂ ਮਿਤੀ 19-02-2018 ਨੂੰ ਆਰ.ਟੀ.ਅਰਜ਼ੀ ਪਾਈ ਗਈ ਸੀ ਪਰੰਤੂ ਇਸ ਕੇਸ ਦਾ ਅਜੇ ਤੱਕ ਨਿਪਟਾਰਾ ਨਹੀਂ ਹੋ ਸਕਿਆ। ਇਸ ਦਾ ਮੁੱਖ ਕਾਰਨ ਇਹ ਹੈ ਕਿ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਆਪ ਖੁਦ ਪੇਸ਼ੀ ਤੇ ਹਾਜ਼ਰ ਨਹੀਂ ਹੋ ਰਹੇ ਅਤੇ ਜਿਹੜੇ ਕਰਮਚਾਰੀਆਂ ਨੂੰ ਪੇਸ਼ੀ ਤੇ ਭੇਜਿਆ ਜਾਂਦਾ ਹੈ ਉਹ ਕੇਸ ਦਾ ਤੱਥਾਂ ਤੋਂ ਪੂਰੀ ਤਰ੍ਹਾਂ ਵਾਕਫ ਨਾ ਹੋਣ ਕਾਰਨ ਕੇਸ ਦੀ ਸਹੀ ਤਸਵੀਰ ਨਹੀਂ ਪੇਸ਼ ਕਰ ਰਹੇ। ਇਸ ਲਈ ਉੱਤਰਦਾਤਾ (ਕਾਰਜ ਸਾਧਕ ਅਫਸਰ, ਧੂਰੀ) ਨੂੰ ਸਖਤ ਹਦਾਇਤ ਕੀਤੀ ਜਾਂਦੀ ਹੈ ਕਿ ਅਪੀਲਕਰਤਾ ਨੂੰ ਸੂਚਨਾ ਭੇਜਣ ਬਾਰੇ ਅਪੀਲਕਰਤਾ ਨਾਲ ਕੀਤੇ ਗਏ ਪੱਤਰ-ਵਿਹਾਰ ਨਾਲ ਸਬੰਧਤ ਸਾਰੇ ਰਿਕਾਰਡ ਸਹਿਤ, ਵਿਸਥਾਰ-ਪੂਰਵਕ, ਜਵਾਬ ਪੇਸ਼ੀ ਦੀ ਅਗਲੀ ਮਿਤੀ

ਚਲਦਾ----ਪੰਨਾ/2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



**ਅਪੀਲ ਕੇਸ ਨੰ:2069 ਆਫ਼ 2018**

ਤੇ ਨਿੱਜੀ ਤੌਰ ਤੇ ਹਾਜ਼ਰ ਹੋ ਕੇ ਪੇਸ਼ ਕਰਨਾ ਯਕੀਨੀ ਬਣਾਇਆ ਜਾਵੇ। ਅਜਿਹਾ ਨਾ ਕਰਨ ਦੀ ਸੂਰਤ ਵਿੱਚ ਉੱਤਰਦਾਤਾ ਖਿਲਾਫ ਸੂਚਨਾ ਦਾ ਅਧਿਕਾਰ ਐਕਟ, 2005 ਤਹਿਤ ਕਾਰਵਾਈ ਆਰੰਭ ਕਰ ਦਿੱਤੀ ਜਾਵੇਗੀ। ਇਸ ਹਦਾਇਤ ਦੇ ਨਾਲ ਇਹ ਕੇਸ **ਅਗਲੀ ਸੁਣਵਾਈ ਮਿਤੀ 23-04-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
ਮਿਤੀ: ਚੰਡੀਗੜ੍ਹ, 07 ਮਾਰਚ, 2019. ਰਾਜ ਸੂਚਨਾ ਕਮਿਸ਼ਨਰ, ਪੰਜਾਬ।

ਨੋਟ:- ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਤਰਸੇਮ ਲਾਲ, ਕਲਰਕ (99881-49324) ਅਦਾਲਤ ਦੀ ਕਾਰਵਾਈ ਖਤਮ ਹੋਣ ਉਪਰੰਤ ਹਾਜ਼ਰ ਹੋਇਆ ਜਿਸ ਨੂੰ ਅਦਾਲਤ ਦੀ ਕਾਰਵਾਈ ਤੋਂ ਜਾਣੂ ਕਰਵਾ ਦਿੱਤਾ ਗਿਆ ਹੈ।

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਪ੍ਰੇਮ ਕੁਮਾਰ ਰਤਨ (98722-20039)
ਮਕਾਨ ਨੰ:78/8, ਪਾਰਕ ਰੋਡ,
ਨਵੀਂ ਮੰਡੀ, ਧੂਰੀ, ਤਹਿਸੀਲ ਧੂਰੀ,
ਜ਼ਿਲ੍ਹਾ ਸੰਗਰੂਰ। ..........ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਕਾਰਜ ਸਾਧਕ ਅਫਸਰ,
ਨਗਰ ਕੌਂਸਿਲ ਧੂਰੀ,
ਜ਼ਿਲ੍ਹਾ ਸੰਗਰੂਰ।

ਪਹਿਲੀ ਅਪੀਲੀ ਅਥਾਰਟੀ,
ਦਫ਼ਤਰ ਡਿਪਟੀ ਡਾਇਰੈਕਟਰ,
ਸਥਾਨਕ ਸਰਕਾਰ, ਪਟਿਆਲਾ। ........ ਉੱਤਰਦਾਤਾ

**ਅਪੀਲ ਕੇਸ ਨੰ:2070 ਆਫ਼ 2018**

**ਹਾਜ਼ਰ:-**

1) ਸ਼੍ਰੀ ਪ੍ਰੇਮ ਕੁਮਾਰ ਰਤਨ, ਅਪੀਲਕਰਤਾ।
2) ਉੱਤਰਦਾਤਾ ਵੱਲੋਂ ਕੋਈ ਨਹੀਂ।

**ਹਕਮ:**

ਅਪੀਲਕਰਤਾ ਨੇ ਅੱਜ ਹਾਜ਼ਰ ਹੋ ਕੇ ਕਮਿਸ਼ਨ ਦੇ ਅੰਤ੍ਰਿਮ ਹੁਕਮ, ਮਿਤੀ 05-02-2019 ਦੇ ਹਵਾਲੇ ਵਿੱਚ ਦੱਸਿਆ ਹੈ ਕਿ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਉਸ ਨੂੰ ਸੂਚਨਾ ਭੇਜਣ ਬਾਰੇ ਭੇਜਿਆ ਗਿਆ ਪੱਤਰ ਨੰ:3656/ਪੀ.ਆਈ.ਓ., ਮਿਤੀ 04-01-2019 ਪ੍ਰਾਪਤ ਨਹੀਂ ਹੋਇਆ। ਇਸ ਲਈ ਉਸ ਨੇ ਸੂਚਨਾ ਮੁਹੱਈਆ ਕਰਾਉਣ ਲਈ ਬੇਨਤੀ ਕੀਤੀ ਹੈ।

2. ਉੱਤਰਦਾਤਾ ਵੱਲੋਂ ਅੱਜ ਕੋਈ ਵੀ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਉਨ੍ਹਾਂ ਵੱਲੋਂ ਅੱਜ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ। ਦਫ਼ਤਰੀ ਰਿਕਾਰਡ ਨੂੰ ਵਾਚਣ ਤੇ ਇਹ ਪਾਇਆ ਗਿਆ ਹੈ ਕਿ ਅਪੀਲਕਰਤਾ ਵੱਲੋਂ ਮਿਤੀ 03-03-2018 ਨੂੰ ਆਰ.ਟੀ.ਅਰਜ਼ੀ ਪਾਈ ਗਈ ਸੀ ਪਰੰਤੂ ਇਸ ਕੇਸ ਦਾ ਅਜੇ ਤੱਕ ਨਿਪਟਾਰਾ ਨਹੀਂ ਹੋ ਸਕਿਆ। ਇਸ ਦਾ ਮੁੱਖ ਕਾਰਨ ਇਹ ਹੈ ਕਿ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਆਪ ਖੁਦ ਪੇਸ਼ੀ ਤੇ ਹਾਜ਼ਰ ਨਹੀਂ ਹੋ ਰਹੇ ਅਤੇ ਜਿਹੜੇ ਕਰਮਚਾਰੀਆਂ ਨੂੰ ਪੇਸ਼ੀ ਤੇ ਭੇਜਿਆ ਜਾਂਦਾ ਹੈ ਉਹ ਕੇਸ ਦਾ ਤੱਥਾਂ ਤੋਂ ਪੂਰੀ ਤਰ੍ਹਾਂ ਵਾਕਫ ਨਾ ਹੋਣ ਕਾਰਨ ਕੇਸ ਦੀ ਸਹੀ ਤਸਵੀਰ ਨਹੀਂ ਪੇਸ਼ ਕਰ ਰਹੇ। ਇਸ ਲਈ ਉੱਤਰਦਾਤਾ (ਕਾਰਜ ਸਾਧਕ ਅਫਸਰ, ਧੂਰੀ) ਨੂੰ ਸਖਤ ਹਦਾਇਤ ਕੀਤੀ ਜਾਂਦੀ ਹੈ ਕਿ ਅਪੀਲਕਰਤਾ ਨੂੰ ਸੂਚਨਾ ਭੇਜਣ ਬਾਰੇ ਅਪੀਲਕਰਤਾ ਨਾਲ ਕੀਤੇ ਗਏ ਪੱਤਰ-ਵਿਹਾਰ ਨਾਲ ਸਬੰਧਤ ਸਾਰੇ ਰਿਕਾਰਡ ਸਹਿਤ, ਵਿਸਥਾਰ-ਪੂਰਵਕ, ਜਵਾਬ ਪੇਸ਼ੀ ਦੀ ਅਗਲੀ ਮਿਤੀ

ਚਲਦਾ----ਪੰਨਾ/

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਤੇ ਨਿੱਜੀ ਤੌਰ ਤੇ ਹਾਜ਼ਰ ਹੋ ਕੇ ਪੇਸ਼ ਕਰਨਾ ਯਕੀਨੀ ਬਣਾਇਆ ਜਾਵੇ। ਅਜਿਹਾ ਨਾ ਕਰਨ ਦੀ ਸੂਰਤ ਵਿੱਚ ਉੱਤਰਦਾਤਾ ਖਿਲਾਫ ਸੂਚਨਾ ਦਾ ਅਧਿਕਾਰ ਐਕਟ, 2005 ਤਹਿਤ ਕਾਰਵਾਈ ਆਰੰਭ ਕਰ ਦਿੱਤੀ ਜਾਵੇਗੀ। ਇਸ ਹਦਾਇਤ ਦੇ ਨਾਲ ਇਹ ਕੇਸ **ਅਗਲੀ ਸੁਣਵਾਈ ਮਿਤੀ 23-04-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
ਮਿਤੀ: ਚੰਡੀਗੜ੍ਹ, 07 ਮਾਰਚ, 2019. ਰਾਜ ਸੂਚਨਾ ਕਮਿਸ਼ਨਰ, ਪੰਜਾਬ।

ਨੋਟ:- ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਤਰਸੇਮ ਲਾਲ, ਕਲਰਕ (99881-49324) ਅਦਾਲਤ ਦੀ ਕਾਰਵਾਈ ਖਤਮ ਹੋਣ ਉਪਰੰਤ ਹਾਜ਼ਰ ਹੋਇਆ ਜਿਸ ਨੂੰ ਅਦਾਲਤ ਦੀ ਕਾਰਵਾਈ ਤੋਂ ਜਾਣੂ ਕਰਵਾ ਦਿੱਤਾ ਗਿਆ ਹੈ।

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਪ੍ਰੇਮ ਕੁਮਾਰ ਰਤਨ (98722-20039)
ਮਕਾਨ ਨੰ:78/8, ਪਾਰਕ ਰੋਡ,
ਨਵੀਂ ਮੰਡੀ, ਧੂਰੀ, ਤਹਿਸੀਲ ਧੂਰੀ,
ਜ਼ਿਲ੍ਹਾ ਸੰਗਰੂਰ। ..........ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਕਾਰਜ ਸਾਧਕ ਅਫਸਰ,
ਨਗਰ ਕੌਂਸਿਲ ਧੂਰੀ,
ਜ਼ਿਲ੍ਹਾ ਸੰਗਰੂਰ।

ਪਹਿਲੀ ਅਪੀਲੀ ਅਥਾਰਟੀ,
ਦਫ਼ਤਰ ਡਿਪਟੀ ਡਾਇਰੈਕਟਰ,
ਸਥਾਨਕ ਸਰਕਾਰ, ਪਟਿਆਲਾ। ........ ਉੱਤਰਦਾਤਾ

**ਅਪੀਲ ਕੇਸ ਨੰ:2134 ਆਫ਼ 2018**

**ਹਾਜ਼ਰ:-**

1) ਸ਼੍ਰੀ ਪ੍ਰੇਮ ਕੁਮਾਰ ਰਤਨ, ਅਪੀਲਕਰਤਾ।
2) ਉੱਤਰਦਾਤਾ ਵੱਲੋਂ ਕੋਈ ਨਹੀਂ।

**ਹਕਮ:**

ਅਪੀਲਕਰਤਾ ਨੇ ਅੱਜ ਹਾਜ਼ਰ ਹੋ ਕੇ ਕਮਿਸ਼ਨ ਦੇ ਅੰਤ੍ਰਿਮ ਹੁਕਮ, ਮਿਤੀ 05-02-2019 ਦੇ ਹਵਾਲੇ ਵਿੱਚ ਦੱਸਿਆ ਹੈ ਕਿ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਉਸ ਨੂੰ ਸੂਚਨਾ ਭੇਜਣ ਬਾਰੇ ਭੇਜਿਆ ਗਿਆ ਪੱਤਰ ਨੰ:3152/ਪੀ.ਆਈ.ਓ., ਮਿਤੀ 04-01-2019 ਪ੍ਰਾਪਤ ਨਹੀਂ ਹੋਇਆ। ਇਸ ਲਈ ਉਸ ਨੇ ਸੂਚਨਾ ਮੁਹੱਈਆ ਕਰਾਉਣ ਲਈ ਬੇਨਤੀ ਕੀਤੀ ਹੈ।

2. ਉੱਤਰਦਾਤਾ ਵੱਲੋਂ ਅੱਜ ਕੋਈ ਵੀ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਉਨ੍ਹਾਂ ਵੱਲੋਂ ਅੱਜ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ। ਦਫ਼ਤਰੀ ਰਿਕਾਰਡ ਨੂੰ ਵਾਚਣ ਤੇ ਇਹ ਪਾਇਆ ਗਿਆ ਹੈ ਕਿ ਅਪੀਲਕਰਤਾ ਵੱਲੋਂ ਮਿਤੀ 06-04-2018 ਨੂੰ ਆਰ.ਟੀ.ਅਰਜ਼ੀ ਪਾਈ ਗਈ ਸੀ ਪਰੰਤੂ ਇਸ ਕੇਸ ਦਾ ਅਜੇ ਤੱਕ ਨਿਪਟਾਰਾ ਨਹੀਂ ਹੋ ਸਕਿਆ। ਇਸ ਦਾ ਮੁੱਖ ਕਾਰਨ ਇਹ ਹੈ ਕਿ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਆਪ ਖੁਦ ਪੇਸ਼ੀ ਤੇ ਹਾਜ਼ਰ ਨਹੀਂ ਹੋ ਰਹੇ ਅਤੇ ਜਿਹੜੇ ਕਰਮਚਾਰੀਆਂ ਨੂੰ ਪੇਸ਼ੀ ਤੇ ਭੇਜਿਆ ਜਾਂਦਾ ਹੈ ਉਹ ਕੇਸ ਦਾ ਤੱਥਾਂ ਤੋਂ ਪੂਰੀ ਤਰ੍ਹਾਂ ਵਾਕਫ ਨਾ ਹੋਣ ਕਾਰਨ ਕੇਸ ਦੀ ਸਹੀ ਤਸਵੀਰ ਨਹੀਂ ਪੇਸ਼ ਕਰ ਰਹੇ। ਇਸ ਲਈ ਉੱਤਰਦਾਤਾ (ਕਾਰਜ ਸਾਧਕ ਅਫਸਰ, ਧੂਰੀ) ਨੂੰ ਸਖਤ ਹਦਾਇਤ ਕੀਤੀ ਜਾਂਦੀ ਹੈ ਕਿ ਅਪੀਲਕਰਤਾ ਨੂੰ ਸੂਚਨਾ ਭੇਜਣ ਬਾਰੇ ਅਪੀਲਕਰਤਾ ਨਾਲ ਕੀਤੇ ਗਏ ਪੱਤਰ-ਵਿਹਾਰ ਨਾਲ ਸਬੰਧਤ ਸਾਰੇ ਰਿਕਾਰਡ ਸਹਿਤ, ਵਿਸਥਾਰ-ਪੂਰਵਕ, ਜਵਾਬ ਪੇਸ਼ੀ ਦੀ ਅਗਲੀ ਮਿਤੀ

ਚਲਦਾ----ਪੰਨਾ/2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



**ਅਪੀਲ ਕੇਸ ਨੰ:2134 ਆਫ਼ 2018**

ਤੇ ਨਿੱਜੀ ਤੌਰ ਤੇ ਹਾਜ਼ਰ ਹੋ ਕੇ ਪੇਸ਼ ਕਰਨਾ ਯਕੀਨੀ ਬਣਾਇਆ ਜਾਵੇ। ਅਜਿਹਾ ਨਾ ਕਰਨ ਦੀ ਸੂਰਤ ਵਿੱਚ ਉੱਤਰਦਾਤਾ ਖਿਲਾਫ ਸੂਚਨਾ ਦਾ ਅਧਿਕਾਰ ਐਕਟ, 2005 ਤਹਿਤ ਕਾਰਵਾਈ ਆਰੰਭ ਕਰ ਦਿੱਤੀ ਜਾਵੇਗੀ। ਇਸ ਹਦਾਇਤ ਦੇ ਨਾਲ ਇਹ ਕੇਸ **ਅਗਲੀ ਸੁਣਵਾਈ ਮਿਤੀ 23-04-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
ਮਿਤੀ: ਚੰਡੀਗੜ੍ਹ, 07 ਮਾਰਚ, 2019. ਰਾਜ ਸੂਚਨਾ ਕਮਿਸ਼ਨਰ, ਪੰਜਾਬ।

ਨੋਟ:- ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਤਰਸੇਮ ਲਾਲ, ਕਲਰਕ (99881-49324) ਅਦਾਲਤ ਦੀ ਕਾਰਵਾਈ ਖਤਮ ਹੋਣ ਉਪਰੰਤ ਹਾਜ਼ਰ ਹੋਇਆ ਜਿਸ ਨੂੰ ਅਦਾਲਤ ਦੀ ਕਾਰਵਾਈ ਤੋਂ ਜਾਣੂ ਕਰਵਾ ਦਿੱਤਾ ਗਿਆ

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਜਗਤਾਰ ਸਿੰਘ,(ਮੋਬ 99880-20005)
ਈ-85, ਪੰਜਾਬੀ ਯੂਨੀਵਰਸਿਟੀ ਕੈਂਪਸ,
ਪਟਿਆਲਾ। -----ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਪੰਜਾਬੀ ਯੂਨੀਵਰਸਿਟੀ,
ਪਟਿਆਲਾ।

ਪਹਿਲੀ ਅਪੀਲੀ ਅਥਾਰਟੀ,
ਦਫ਼ਤਰ ਪੰਜਾਬੀ ਯੂਨੀਵਰਸਿਟੀ,
ਪਟਿਆਲਾ। -------ਉੱਤਰਦਾਤਾ

**ਅਪੀਲ ਕੇਸ ਨੰ: 4319 ਆਫ਼ 2018**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਸੂਰਜਪ੍ਰੀਤ ਸਿੰਘ ਕੰਗ, ਐਡਵੋਕੇਟ (98554-93346)।

**ਹੁਕਮ:**

ਅਪੀਲਕਰਤਾ ਅੱਜ ਹਾਜ਼ਰ ਨਹੀਂ ਹੋਇਆ ਪਰੰਤੂ ਉਸ ਵੱਲੋਂ ਅੱਜ ਹਾਜ਼ਰ ਨਾ ਹੋਣ ਬਾਰੇ ਈ.ਮੇਲ , ਮਿਤੀ 06-03-2019 ਰਾਹੀਂ ਕਮਿਸ਼ਨ ਨੂੰ ਸੂਚਿਤ ਕਰਦੇ ਹੋਏ ਕਮਿਸ਼ਨ ਦੇ ਅੰਤ੍ਰਿਮ ਹੁਕਮ, ਮਿਤੀ 13-02-2019 ਦੇ ਹਵਾਲੇ ਵਿੱਚ ਇਹ ਵੀ ਦੱਸਿਆ ਗਿਆ ਹੈ ਕਿ ਉਸ ਵੱਲੋਂ ਪ੍ਰਾਪਤ ਹੋਈ ਸੂਚਨਾ ਵਿੱਚ ਪਾਈਆਂ ਗਈਆ ਤਰੁੱਟੀਆਂ ਬਾਰੇ ਆਪਣੇ ਪੱਤਰ, ਮਿਤੀ 01-03-2019 ਰਾਹੀਂ ਲੋਕ ਸੂਚਨਾ ਅਧਿਕਾਰੀ ਨੂੰ ਸੂਚਿਤ ਕੀਤਾ ਜਾ ਚੁੱਕਾ ਹੈ ਪਰੰਤੂ ਉਸ ਨੂੰ ਅਜੇ ਤੱਕ ਸੂਚਨਾ ਪ੍ਰਾਪਤ ਨਹੀਂ ਹੋਈ। ਇਸ ਲਈ ਉਸ ਨੇ ਸੂਚਨਾ ਮੁਹੱਈਆ ਕਰਾਉਣ ਅਤੇ ਉੱਤਰਦਾਤਾ ਵਿਰੁੱਧ ਕਾਰਵਾਈ ਲਈ ਬੇਨਤੀ ਕੀਤੀ ਹੈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਸੂਰਜਪ੍ਰੀਤ ਸਿੰਘ ਕੰਗ, ਐਡਵੋਕੇਟ ਨੇ ਆਪਣਾ ਜਵਾਬ ਪੇਸ਼ ਕਰਨ ਲਈ ਸਮੇਂ ਦੀ ਮੰਗ ਕੀਤੀ ਹੈ। ਇਸ ਲਈ ਇਹ ਕੇਸ **ਅਗਲੀ ਸੁਣਵਾਈ ਮਿਤੀ 08-04-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ, 07 ਮਾਰਚ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਰਮਨਦੀਪ ਸਿੰਘ ਆਹਲੂਵਾਲੀਆ, (94175-94553)
ਵਾਰਡ ਨੰ:18, ਗਲੀ ਨੰ:2,
ਕਰਤਾਰ ਨਗਰ, ਅਮਲੋਹ ਰੋਡ,
ਖੰਨਾ-141401,
ਜ਼ਿਲ੍ਹਾ ਲੁਧਿਆਣਾ। ------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤ਼ਰ ਕਾਰਜ ਸਾਧਕ ਅਫਸਰ,
ਨਗਰ ਕੌਂਸਿਲ, ਮੰਡੀ ਗੋਬਿੰਦਗੜ੍ਹ।

ਪਹਿਲੀ ਅਪੀਲੀ ਅਥਾਰਟੀ,
ਦਫਤ਼ਰ ਰਿਜਨਲ ਡਿਪਟੀਡਾਇਰੈਕਟਰ(ਸ਼ਹਿਰੀ),
ਸਥਾਨਕ ਸਰਕਾਰ, ਲੁਧਿਆਣਾ। ------ਉੱਤਰਦਾਤਾ

**ਅਪੀਲ ਕੇਸ ਨੰ: 4063 ਆਫ 2018**

**ਹਾਜ਼ਰ:-** 1) ਅਪੀਲਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ ਵੱਲੋਂ ਵੀ ਕੋਈ ਨਹੀਂ।

**ਹਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 30-08-2018, ਲੋਕ ਸੂਚਨਾ ਅਧਿਕਾਰੀ ਦਫਤਰ ਕਾਰਜ ਸਾਧਕ ਅਫਸਰ, ਨਗਰ ਕੌਂਸਿਲ, ਮੰਡੀ ਗੋਬਿੰਦਗੜ੍ਹ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਵੱਲੋਂ ਮਹੀਨਾ ਜੂਨ-ਜੁਲਾਈ,2018 ਵਿੱਚਈ.ਟੈਂਡਰ-ਐਮ.ਸੀ./ਗੋਬਿੰਦਗੜ੍ਹ/2019-19/04 ਬਾਰੇ ਸੂਚਨਾ ਦੀ ਮੰਗ ਕੀਤੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 05-10-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 29-11-2018 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 27-12-2018 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਮਿਤੀ 29-01-2019 ਨੂੰ ਸਵੇਰੇ 11:30 ਵਜੇ ਪਹਿਲੀ ਸੁਣਵਾਈ ਲਈ ਨਿਸਚਿਤ ਕੀਤਾ ਗਿਆ ਸੀ।

3. ਉੱਤਰਦਾਤਾ ਵੱਲੋਂ ਅੱਜ ਕੋਈ ਵੀ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਉਨ੍ਹਾਂ ਵੱਲੋਂ ਅੱਜ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ। ਅਪੀਲਕਰਤਾ ਵੀ ਅੱਜ ਹਾਜ਼ਰ ਨਹੀਂ ਹੋਇਆ ਪਰੰਤੂ ਉਸ ਵੱਲੋਂ ਅੱਜ ਹਾਜ਼ਰ ਨਾ ਹੋਣ ਬਾਰੇ ਈ.ਮੇਲ, ਮਿਤੀ 07-03-2019 ਰਾਹੀਂ ਕਮਿਸ਼ਨ ਨੂੰ ਸੂਚਿਤ ਕਰਦੇ ਹੋਏ ਇਹ ਵੀ ਦੱਸਿਆ ਗਿਆ ਹੈ ਕਿ ਉਸ ਨੂੰ ਸੂਚਨਾ ਪ੍ਰਾਪਤ ਹੋ ਗਈ ਹੈ ਅਤੇ ਕੇਸ ਬੰਦ ਕਰਨ ਲਈ ਬੇਨਤੀ ਕੀਤੀ ਗਈ ਹੈ। ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫਤਰ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
ਮਿਤੀ: ਚੰਡੀਗੜ੍ਹ, 07 ਮਾਰਚ, 2019. ਰਾਜ ਸੂਚਨਾ ਕਮਿਸ਼ਨਰ, ਪੰਜਾਬ।

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਸਚਿਨ ਸਿੰਗਲ,
ਮਕਾਨ ਨੰ:4716, ਮੁਹੱਲਾ ਭੋਗਿਆ,
ਨੇੜੇ ਲਪੇਸ਼ਾਹ ਚੌਕ,
ਜਗਰਾਓਂ, ਜ਼ਿਲ੍ਹਾ ਲੁਧਿਆਣਾ। ..........ਸ਼ਿਕਾਇਤਕਰਤਾ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਡਾਇਰੈਕਟਰ, ਸਿੱਖਿਆ (ਕਾਲਿਜਾਂ) ਪੰਜਾਬ,
ਫੇਸ-8, ਐਸ.ਏ.ਐਸ. ਨਗਰ। -----ਉੱਤਰਦਾਤਾ

**ਸ਼ਿਕਾਇਤ ਕੇਸ ਨੰ:921 ਆਫ਼ 2018**

**ਹਾਜ਼ਰ:-**

1) ਸ਼ਿਕਾਇਤਕਰਤਾ ਵੱਲੋਂ ਸ਼੍ਰੀ ਗੁਰਪ੍ਰੀਤ ਸਿੰਘ (98720-90755)।
2) ਉੱਤਰਦਾਤਾ ਵੱਲੋਂ ਸ਼੍ਰੀ ਜੈ ਸਿੰਘ ਰਾਣਾ, ਸੀਨੀਅਰ ਸਹਾਇਕ (82830-38959)।

**ਹਕਮ:**

ਸ਼ਿਕਾਇਤਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 14-06-2018, ਲੋਕ ਸੂਚਨਾ ਅਧਿਕਾਰੀ ਦਫ਼ਤਰ ਡਾਇਰੈਕਟਰ, ਸਿੱਖਿਆ (ਕਾਲਿਜਾਂ) ਪੰਜਾਬ,ਫੇਸ-8, ਐਸ.ਏ.ਐਸ. ਨਗਰ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਪੰਜਾਬ ਸਰਕਾਰ ਵੱਲੋਂ ਸਾਲ 2015 ਤੋਂ ਪੰਜਾਬ ਤੇ ਗਰਾਂਟ-ਇੰਨ-ਏਡ ਕਾਲਿਜਾਂ ਵਿੱਚ 1925 ਸਹਾਇਕ ਪ੍ਰੋਫੈਸਰਾਂ ਦੀ ਕੀਤੀ ਗਈ ਭਰਤੀ ਨਾਲ ਸਬੰਧਤ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 16-08-2018 ਨੂੰ ਕਮਿਸ਼ਨ ਕੋਲ ਸ਼ਿਕਾਇਤ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 20-09-2018 ਨੂੰ ਪਹਿਲੀ ਸੁਣਵਾਈ ਮਿਤੀ 15-10-2018 ਨੂੰ ਸਵੇਰੇ 11:30 ਵਜੇ ਲਈ ਨੋਟਿਸ ਜਾਰੀ ਕੀਤਾ ਗਿਆ ਸੀ।

3. ਉੱਤਰਦਾਤਾ ਵੱਲੋਂ ਹਾਜ਼ਰ ਸ਼੍ਰੀ ਜੈ ਸਿੰਘ ਰਾਣਾ, ਸੀਨੀਅਰ ਸਹਾਇਕ ਨੇ ਸ਼ਿਕਾਇਤਕਰਤਾ ਦੇ ਨੁਮਾਇੰਦੇ, ਸ਼੍ਰੀ ਗੁਰਪ੍ਰੀਤ ਸਿੰਘ ਨੂੰ ਪੱਤਰ ਮਿਤਹ 06-03-2019 ਰਾਹੀਂ ਪੇਸ਼ੀ ਦੌਰਾਨ ਦਸਤੀ ਸੂਚਨਾ ਦੇ ਦਿੱਤੀ ਹੈ ਜਿਸ ਤੇ ਸ਼ਿਕਾਇਤਕਰਤਾ ਦੇ ਨੁਮਾਇੰਦੇ ਨੇ ਸੰਤੁਸ਼ਟੀ ਜ਼ਾਹਿਰ ਕੀਤੀ ਹੈ। ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਸ਼ਿਕਾਇਤਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਸ਼ਿਕਾਇਤ ਕੇਸ ਦਾਖਲ ਦਫਤਰ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
**ਮਿਤੀ: ਚੰਡੀਗੜ੍ਹ, 07 ਮਾਰਚ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**


ਸ਼੍ਰੀ ਆਰ.ਐਲ. ਅਗਰਵਾਲ, (98144-48788)
#81-D, ਕਿਚਲੂ ਨਗਰ,
ਲੁਧਿਆਣਾ। ...........ਸ਼ਿਕਾਇਤਕਰਤਾ

ਲੋਕ ਸੂਚਨਾ ਅਧਿਕਾਰੀ,
ਦਫਤਰ ਸਹਾਇਕ ਨਗਰ ਯੋਜਨਾਕਾਰ,
ਜ਼ੋਨ-ਡੀ, 'ਨਗਰ ਨਿਗਮ,
ਲੁਧਿਆਣਾ। ........ ਉੱਤਰਦਾਤਾ

**ਸ਼ਿਕਾਇਤ ਕੇਸ ਨੰ:938 ਆਫ਼ 2018**

**ਹਾਜ਼ਰ:-**

1) ਸ਼ਿਕਾਇਤਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ ਵੱਲੋਂ ਸ਼੍ਰੀਮਤੀ ਮਨਪ੍ਰੀਤ ਕੋਰ, ਬਿਲਡਿੰਗ ਇੰਸਪੈਕਟਰ (94636-12910)।

**ਹਕਮ:**

ਸ਼ਿਕਾਇਤਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 23-04-2018, ਲੋਕ ਸੂਚਨਾ ਅਧਿਕਾਰੀ ਦਫਤਰ ਸਹਾਇਕ ਨਗਰ ਯੋਜਨਾਕਾਰ, ਜ਼ੋਨ-ਡੀ, ਨਗਰ ਨਿਗਮ, ਲੁਧਿਆਣਾ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਵੱਲੋਂ ਕਿਚਲੂ ਨਗਰ ਵਿੱਚ ਜ਼ਮੀਨ ਦੀ ਵਰਤੋ ਵਿੱਚ ਤਬਦੀਲੀ ਕਰਨ ਨਾਲ ਸਬੰਧਤ ਆਪਣੀ ਦਰਖਾਸਤ ਮਿਤੀ 06-06-2017 ਅਤੇ 17-09-2017 ਤੇ ਨਗਰ ਨਿਗਮ, ਲੁਧਿਆਣਾ ਵੱਲੋਂ ਕੀਤੀ ਗਈ ਕਾਰਵਾਈ ਬਾਰੇ ਸੂਚਨਾ ਦੀ ਮੰਗ ਕੀਤੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 30-08-2018 ਨੂੰ ਕਮਿਸ਼ਨ ਕੋਲ ਸ਼ਿਕਾਇਤ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 12-10-2018 ਨੂੰ ਪਹਿਲੀ ਸੁਣਵਾਈ ਮਿਤੀ 13-11-2018 ਨੂੰ ਸਵੇਰੇ 11:30 ਵਜੇ ਲਈ ਨੋਟਿਸ ਜਾਰੀ ਕੀਤਾ ਗਿਆ ਸੀ।

2. ਸ਼ਿਕਾਇਤਕਰਤਾ ਵੱਲੋਂ ਅੱਜ ਕੋਈ ਵੀ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਉਸ ਵੱਲੋਂ ਅੱਜ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ। ਉੱਤਰਦਾਤਾ ਵੱਲੋਂ ਹਾਜ਼ਰ ਸ਼੍ਰੀਮਤੀ ਮਨਪ੍ਰੀਤ ਕੋਰ, ਬਿਲਡਿੰਗ ਇੰਸਪੈਕਟਰ ਨੇ ਪੱਤਰ, ਮਿਤੀ 01-02-2019 ਦੀ ਕਾਪੀ ਪੇਸ਼ ਕਰਦੇ ਹੋਏ ਦੱਸਿਆ ਹੈ ਕਿ ਸ਼ਿਕਾਇਤਕਰਤਾ ਦੀ ਆਰ.ਟੀ.ਆਈ., ਮਿਤੀ 23-04-2018 ਸਬੰਧੀ ਸ਼ਿਕਾਇਕਰਤਾ ਨੂੰ ਪੱਤਰ, ਮਿਤੀ 22-05-2018 ਰਾਹੀਂ ਸੂਚਨਾ ਭੇਜੀ ਜਾ ਚੁੱਕੀ ਹੈ। ਹਾਜ਼ਰ ਉੱਤਰ ਦਾਤਾ ਵੱਲੋਂ ਪੇਸ਼ ਕੀਤਾ ਗਿਆ ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ। ਉਤਰਦਾਤਾ ਵੱਲੋਂ ਨਿਰਧਾਰਿਤ ਸਮੇਂ ਅੰਦਰ ਸ਼ਿਕਾਇਤਕਰਤਾ ਨੂੰ ਸੂਚਨਾ ਭੇਜੀ ਗਈ ਸੀ। ਇਸ ਕਰਕੇ ਇਹ ਸ਼ਿਕਾਇਤ ਕੇਸ ਨਹੀਂ ਬਣਦਾ। ਸ਼ਿਕਾਇਤਕਰਤਾ ਨੂੰ ਕਮਿਸ਼ਨ ਨੂੰ ਪਹੁੰਚ ਕਰਨ ਤੋਂ ਪਹਿਲਾਂ ਪਹਿਲੀ ਅਪੀਲੀ ਅਥਾਰਟੀ ਕੋਲ ਪਹੁੰਚ ਕਰਨੀ ਚਾਹੀਦੀ ਸੀ। ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਸ਼ਿਕਾਇਤਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਸ਼ਿਕਾਇਤ ਕੇਸ ਦਾਖਲ ਦਫਤਰ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
**ਮਿਤੀ: ਚੰਡੀਗੜ੍ਹ, 07 ਮਾਰਚ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਮਨਜਿੰਦਰ ਸਿੰਘ, (82830-00236)
ਪ੍ਰਧਾਨ, ਹਿਊਮੈਨ ਰਾਈਟਸ ਐਂਡ
ਇਨਵਾਇਰਮੈਂਟ ਪ੍ਰੋਟੈਕਸ਼ਨ ਆਰਗਾਨਾਈਜੇਸ਼ਨ,
#699, ਬਲਾਕ-1, ਬੀ.ਆਰ.ਐਸ. ਨਗਰ,
ਲੁਧਿਆਣਾ। ..........ਸ਼ਿਕਾਇਤਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਸਕੱਤਰ,
ਰਿਜਨਲ ਟਰਾਂਸਪੋਰਟ ਅਥਾਰਟੀ,
ਅੰਮ੍ਰਿਤਸਰ।

(ਰਜਿਸਟਰਡ) ਸ਼੍ਰੀ ਰਜਨੀਸ਼ ਅਰੋੜਾ, ਪੀ.ਸੀ.ਐਸ.,
(ਪੂਰਵਲੇ ਸਕੱਤਰ, ਰਿਜਨਲ ਟਰਾਂਸਪੋਰਟ ਅਥਾਰਟੀ,
ਅੰਮ੍ਰਿਤਸਰ) ਹੁਣ ਲੋਕ ਸੂਚਨਾ ਅਧਿਕਾਰੀ-ਕਮ-
ਉਪ ਮੰਡਲ ਮੈਜਿਸਟਰੇਟ, ਰਾਜਪੁਰਾ। ......... ਉੱਤਰਦਾਤਾ

**ਸ਼ਿਕਾਇਤ ਕੇਸ ਨੰ:942 ਆਫ਼ 2018**

**ਹਾਜ਼ਰ:-**

1) ਸ਼੍ਰੀ ਮਨਜਿੰਦਰ ਸਿੰਘ, ਸ਼ਿਕਾਇਤਕਰਤਾ।
2) ਉੱਤਰਦਾਤਾ ਵੱਲੋਂ ਕੋਈ ਨਹੀਂ।

**ਹਕਮ:**

ਪੇਸ਼ੀ, ਮਿਤੀ 05-02-2019 ਤੇ ਸ਼ਿਕਾਇਤਕਰਤਾ ਨੇ ਹਾਜ਼ਰ ਹੋ ਕੇ ਦੱਸਿਆ ਸੀ ਕਿ ਉਸ ਨੂੰ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਲਗਾਤਾਰ ਪੇਸ਼ੀ ਤੇ ਕੋਈ ਵੀ ਹਾਜ਼ਰ ਨਹੀਂ ਹੋ ਰਿਹਾ ਸੀ। ਇਸ ਕਰਕੇ ਕਮਿਸ਼ਨ ਦੇ ਹੁਕਮ, ਮਿਤੀ 05-02-2019 ਰਾਹੀਂ ਉੱਤਰਦਾਤਾ, ਸ਼੍ਰੀ ਰਜਨੀਸ਼ ਅਰੋੜਾ, ਪੀ.ਸੀ.ਐਸ., ਲੋਕ ਸੂਚਨਾ ਅਧਿਕਾਰੀ-ਕਮ-ਸਕੱਤਰ, ਰਿਜਨਲ ਟਰਾਂਸਪੋਰਟ ਅਥਾਰਟੀ, ਅੰਮ੍ਰਿਤਸਰ ਨੂੰ ਸੂਚਨਾ ਦਾ ਅਧਿਕਾਰ ਐਕਟ, 2005 ਦੇ ਭਾਗ 20 (1) ਤਹਿਤ ਕਾਰਨ-ਦੱਸੋ ਨੋਟਿਸ ਜਾਰੀ ਕਰਦੇ ਹੋਏ ਉਸ ਨੂੰ ਆਪਣਾ ਜਵਾਬ ਪੇਸ਼ ਕਰਨ ਦਾ ਮੌਕਾ ਦਿੰਦੇ ਹੋਏ ਇਹ ਕੇਸ ਅਗਲੀ ਸੁਣਵਾਈ ਮਿਤੀ 07-03-2019 ਨੂੰ 11.30 ਵਜੇ ਲਈ ਨਿਸ਼ਚਿਤ ਕੀਤਾ ਗਿਆ ਸੀ। ਪਰੰਤੂ ਕਮਿਸ਼ਨ ਵੱਲੋਂ ਭੇਜਿਆ ਗਿਆ ਕਾਰਨ-ਦੱਸੋ ਨੋਟਿਸ ਅਣ-ਵੰਡਿਆ (Undilivered) ਵਾਪਸ ਆ ਗਿਆ ਹੈ।

2. ਅੱਜ ਪੇਸ਼ੀ ਤੇ ਸ਼ਿਕਾਇਤਕਰਤਾ ਨੇ ਹਾਜ਼ਰ ਹੋ ਕੇ ਦੱਸਿਆ ਹੈ ਕਿ ਉਸ ਨੂੰ ਅਜੇ ਤੱਕ ਲੋੜੀਂਦੀ ਸੂਚਨਾ ਪ੍ਰਾਪਤ ਨਹੀਂ ਹੋਈ। ਦਫਤਰ ਦੀ ਰਿਪੋਰਟ ਮੁਤਾਬਿਕ ਸਕੱਤਰ, ਰਿਜਨਲ ਟਰਾਂਸਪੋਰਟ ਅਥਾਰਟੀ, ਅੰਮ੍ਰਿਤਸਰ ਦੇ ਦਫਤਰ ਤੋਂ ਫੋਨ ਰਾਹੀਂ ਇਸ ਬਾਰੇ ਪਤਾ ਚੱਲਿਆ ਹੈ ਕਿ ਸਬੰਧਤ ਅਧਿਕਾਰੀ, ਸ਼੍ਰੀ ਰਜਨੀਸ਼ ਅਰੋੜਾ, ਪੀ.ਸੀ.ਐਸ., ਅੰਮ੍ਰਿਤਸਰ ਤੋਂ ਤਬਦੀਲ ਹੋ ਕੇ ਬਤੌਰ ਉਪ ਮੰਡਲ ਮੈਜਿਸਟਰੇਟ, ਰਾਜਪੁਰਾ ਤੈਨਾਤ ਹੋ ਗਏ ਹਨ। ਇਸ ਲਈ ਉਨ੍ਹਾਂ ਨੂੰ

ਚਲਦਾ---ਪੰਨਾ/2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



**ਸ਼ਿਕਾਇਤ ਕੇਸ ਨੰ:942 ਆਫ਼ 2018**

ਕਾਰਨ-ਦੱਸੋ ਨੋਟਿਸ ਦੁਬਾਰਾ ਵਾਪਸ ਭੇਜਦੇ ਹੋਏ ਆਪਣਾ ਪੱਖ ਪੇਸ਼ ਕਰਨ ਦਾ ਆਖਰੀ ਮੌਕਾ ਦਿੱਤਾ ਜਾਂਦਾ ਹੈ।

3. ਉਕਤ ਤੋਂ ਇਲਾਵਾ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਦਫਤਰ ਸਕੱਤਰ, ਰਿਜਨਲ ਟਰਾਂਸਪੋਰਟ ਅਥਾਰਟੀ, ਅੰਮ੍ਰਿਤਸਰ ਨੂੰ ਸਖਤ ਹਦਾਇਤ ਕੀਤੀ ਜਾਂਦੀ ਹੈ ਕਿ ਸ਼ਿਕਾਇਤਕਰਤਾ ਦੇ ਬਿਨੈ-ਪੱਤਰ ਅਨੁਸਾਰ ਸੂਚਨਾ ਦਾ ਅਧਿਕਾਰ ਐਕਟ, 2005 ਦੇ ਉਪਬੰਧਾਂ ਤਹਿਤ ਬਣਦੀ ਸੂਚਨਾ ਪੇਸ਼ੀ ਦੀ ਅਗਲੀ ਮਿਤੀ ਤੋਂ ਪਹਿਲਾਂ-ਪਹਿਲਾਂ ਰਜਿਸਟਰਡ ਡਾਕ ਰਾਹੀਂ ਭੇਜਦੇ ਹੋਏ ਪੇਸ਼ੀ ਤੇ ਨਿੱਜੀ ਤੌਰ ਤੇ ਹਾਜ਼ਰ ਹੋਣਾ ਯਕੀਨੀ ਬਣਾਇਆ ਜਾਵੇ। ਇਸ ਲਈ ਇਹ ਕੇਸ **ਅਗਲੀ ਸੁਣਵਾਈ ਮਿਤੀ 09-04-2019 ਨੂੰ ਸਵੇਰੇ 11.30 ਵਜੇ ਲਈ ਨਿਸਚਿਤ ਕੀਤਾ ਜਾਂਦਾ ਹੈ।**

(ਨਿਧੱੜਕ ਸਿੰਘ ਬਰਾੜ)
ਰਾਜ ਸੂਚਨਾ ਕਮਿਸ਼ਨਰ, ਪੰਜਾਬ।

ਮਿਤੀ: ਚੰਡੀਗੜ੍ਹ, 07 ਮਾਰਚ, 2019.

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ੍ਰੀ ਮਲਕੀਅਤ ਸਿੰਘ, ਐਡਵੋਕੇਟ,
ਸਿਵਲ ਕੋਰਟ ਦਸੂਆ,
ਜ਼ਿਲ੍ਹਾ ਹੁਸ਼ਿਆਰਪੁਰ। -----ਸ਼ਿਕਾਇਤਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਬਲਾਕ ਵਿਕਾਸ ਤੇ ਪੰਚਾਇਤ ਅਫਸਰ,
ਬਲਾਕ ਹਾਜੀਪੁਰ, ਤਹਿਸੀਲ ਮੁਕੇਰੀਆਂ,
ਜ਼ਿਲ੍ਹਾ ਹੁਸ਼ਿਆਰਪੁਰ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਜ਼ਿਲ੍ਹਾ ਵਿਕਾਸ ਤੇ ਪੰਚਾਇਤ ਅਫਸਰ,
ਹੁਸ਼ਿਆਰਪੁਰ। -----ਉੱਤਰਦਾਤਾ

**ਸ਼ਿਕਾਇਤ ਕੇਸ ਨੰ:1216 ਆਫ 2018**

**ਹਾਜ਼ਰ:-**

1) ਸ਼ਿਕਾਇਤਕਰਤਾ ਵੱਲੋਂ ਸ਼੍ਰੀ ਪ੍ਰਦੀਪ ਸਿੰਘ (89684-21397) ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵਲੋਂ ਸ਼੍ਰੀ ਹਰਦੀਪ ਸਿੰਘ, ਸੁਪਰਡੰਟ (94658-83035)।

**ਹੁਕਮ:-**

ਸ਼ਿਕਾਇਤਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇੱਕ ਬਿਨੈ ਪੱਤਰ ਮਿਤੀ 04-04-2018 ਨੂੰ ਲੋਕ ਸੂਚਨਾ ਅਧਿਕਾਰੀ ਦਫਤਰ ਬਲਾਕ ਵਿਕਾਸ ਤੇ ਪੰਚਾਇਤ ਅਫਸਰ, ਬਲਾਕ ਹਾਜੀਪੁਰ, ਤਹਿਸੀਲ ਮੁਕੇਰੀਆਂ, ਜ਼ਿਲ੍ਹਾ ਹੁਸ਼ਿਆਰਪੁਰ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਸ਼ਿਕਾਇਤਕਰਤਾ ਨੇ ਸ਼੍ਰੀਮਤੀ ਗੁਰਬਖਸ਼ ਕੌਰ ਦੇ ਪਿੰਡ ਸਵਾਰ ਦੀ ਸਰਪੰਚ ਰਹਿਣ ਸਮੇਂ ਗਰਾਮ ਪੰਚਾਇਤ ਪਿੰਡ ਸਵਾਰ ਨੂੰ ਸਰਕਾਰ ਵਲੋਂ ਮਿਲੀਆਂ ਗਰਾਂਟਾਂ ਨਾਲ ਸਬੰਧਤ 02 ਨੁਕਤਿਆਂ ਬਾਰੇ ਸੂਚਨਾ ਮੰਗੀ ਸੀ। ਲੋਕ ਸੂਚਨਾ ਅਧਿਕਾਰੀ ਵਲੋਂ ਮੰਗੀ ਗਈ ਸੂਚਨਾ ਮੁਹੱਈਆ ਨਾ ਕਰਨ ਕਾਰਨ ਉਸ ਨੇ ਮਿਤੀ 28-09-2018 ਨੂੰ ਸ਼ਿਕਾਇਤਕਰਤਾ ਨੇ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ । ਉਸ ਉਪਰੰਤ ਮਿਤੀ 22-11-2018 ਨੂੰ ਸ਼ਿਕਾਇਤਕਰਤਾ ਨੇ ਕਮਿਸ਼ਨ ਕੋਲ ਸ਼ਿਕਾਇਤ ਦਾਇਰ ਕੀਤੀ। ਕਮਿਸ਼ਨ ਵੱਲੋਂ ਮਿਤੀ 03-01-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ, ਮਿਤੀ 05-02-2019 ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਸਮੇਂ ਦੋਵੇਂ ਧਿਰਾਂ ਦੋਵੇਂ ਨੂੰ ਸੁਣਿਆ ਗਿਆ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵਲੋਂ ਹਾਜ਼ਰ ਸ਼੍ਰੀ ਹਰਦੀਪ ਸਿੰਘ, ਸੁਪਰਡੰਟ ਨੇ ਕਿਹਾ ਹੈ ਕਿ ਕਮਿਸ਼ਨ ਦੇ ਹੁਕਮ, ਮਿਤੀ 05-02-2019 ਅਨੁਸਾਰ ਬਾਕੀ ਰਹਿੰਦੀ ਨੁਕਤਾ ਨੰ:2 ਬਾਰੇ ਸੂਚਨਾ ਵੀ ਉਨ੍ਹਾਂ ਵਲੋਂ ਸ਼ਿਕਾਇਤਕਰਤਾ ਨੂੰ ਮੁਹੱਈਆ ਕਰਵਾਈ ਜਾ ਚੁੱਕੀ ਹੈ।

ਚਲਦਾ---ਪੰਨਾ/2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



**ਸ਼ਿਕਾਇਤ ਕੇਸ ਨੰ:1216 ਆਫ਼ 2018**

ਸ਼ਿਕਾਇਤਕਰਤਾ ਵੱਲੋਂ ਮੰਨਿਆ ਗਿਆ ਹੈ ਕਿ ਉਸ ਨੂੰ ਸੂਚਨਾ ਪ੍ਰਾਪਤ ਹੋ ਗਈ ਹੈ। ਪਰੰਤੂ ਉਸ ਨੇ ਕਿਹਾ ਹੈ ਸੂਚਨਾ ਲੇਟ ਮਿਲੀ ਹੈ। ਇਸ ਲਈ ਉਸ ਨੇ ਮੁਆਵਜ਼ੇ ਦੀ ਮੰਗੀ ਵੀ ਕੀਤੀ ਹੈ।

3. ਕਮਿਸ਼ਨ ਵੱਲੋ ਦਫ਼ਤਰੀ ਰਿਕਾਰਡ ਨੂੰ ਘੋਖਣ ਤੇ ਇਹ ਪਾਇਆ ਗਿਆ ਹੈ ਕਿ ਸ਼ਿਕਾਇਤਕਰਤਾ ਵੱਲੋਂ ਮਿਤੀ 04-04-2018 ਨੂੰ ਆਰ.ਟੀ.ਆਈ. ਅਰਜ਼ੀ ਦਾਇਰ ਕੀਤੀ ਗਈ ਸੀ ਪਰੰਤੂ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋ ਉਸ ਨੂੰ ਲਗਭੱਗ 10 ਮਹੀਨੇ ਬਾਅਦ ਸੂਚਨਾ ਦਿੱਤੀ ਜਾ ਰਹੀ ਹੈ ਜਦੋਂ ਕਿ ਸੂਚਨਾ ਦਾ ਅਧਿਕਾਰ ਐਕਟ, 2005 ਦੇ ਉਪਬੰਧਾਂ ਮੁਤਾਬਿਕ ਸ਼ਿਕਾਇਤਕਰਤਾ ਨੂੰ 30 ਦਿਨਾਂ ਤੇ ਅੰਦਰ-ਅੰਦਰ ਸੂਚਨਾ ਦੇਣੀ ਬਣਦੀ ਸੀ। ਇਸ ਤਰ੍ਹਾਂ ਕਰਕੇ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸੂਚਨਾ ਦਾ ਅਧਿਕਾਰ ਐਕਟ, 2005 ਦੀ ਘੋਰ ਉਲੰਘਣਾ ਕੀਤੀ ਗਈ ਹੈ, ਜਿਸ ਦੇ ਫਲਸਰੂਪ ਸ਼ਿਕਾਇਤਕਰਤਾ ਨੂੰ ਮਾਨਸਿਕ ਅਤੇ ਆਰਥਿਕ ਪ੍ਰੇਸ਼ਾਨੀ ਦਾ ਸਾਹਮਣਾ ਕਰਨਾ ਪਿਆ ਹੈ। ਇਸ ਲਈ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਸੂਚਨਾ ਦਾ ਅਧਿਕਾਰ ਐਕਟ, 2005 ਦੀ ਧਾਰਾ 19(8)(ਅ) ਤਹਿਤ ਹਦਾਇਤ ਕੀਤੀ ਜਾਂਦੀ ਹੈ ਕਿ ਸਰਕਾਰੀ ਖਜ਼ਾਨੇ ਵਿੱਚੋਂ ਮੁਆਵਜ਼ੇ ਵਜੋਂ 3000/-ਰੁਪਏ (ਕੇਵਲ ਤਿੰਨ ਹਜ਼ਾਰ ਰੁਪਏ) ਦੀ ਰਾਸ਼ੀ ਦੀ ਸ਼ਿਕਾਇਤਕਰਤਾ ਨੂੰ ਬੈਂਕ ਡਰਾਫ਼ਟ ਰਾਹੀਂ ਅਦਾਇਗੀ ਕੀਤੀ ਜਾਵੇ ਅਤੇ ਸਬੂਤ ਵਜੋਂ ਰਸੀਦ ਕਮਿਸ਼ਨ ਨੂੰ ਪੇਸ਼ੀ ਦੀ ਅਗਲੀ ਮਿਤੀ ਤੇ ਪੇਸ਼ ਕੀਤੀ ਜਾਵੇ। ਇਸ ਲਈ ਇਹ ਕੇਸ **ਅਗਲੀ ਸੁਣਵਾਈ ਮਿਤੀ 08-04-2019 ਨੂੰ ਸਵੇਰੇ 11.30 ਵਜੇ ਲਈ ਨਿਸਚਿਤ ਕੀਤਾ ਜਾਂਦਾ ਹੈ।**

**(ਨਿਧੱੜਕ ਸਿੰਘ ਬਰਾੜ)**
**ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**ਮਿਤੀ: ਚੰਡੀਗੜ੍ਹ, 07 ਮਾਰਚ, 2019.**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਦਰਸ਼ਨ ਰਾਮ, (90562-24906)
ਪੁੱਤਰ ਸ਼੍ਰੀ ਪ੍ਰੀਤਮ ਰਾਮ,
ਪਿੰਡ ਢਾਬੀ ਗੁੱਜਰਾਂ,
ਤਹਿਸੀਲ ਪਾਤੜਾਂ,
ਜਿਲਾ ਪਟਿਆਲਾ।                                    -----ਸ਼ਿਕਾਇਤਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਬਲਾਕ ਵਿਕਾਸ ਤੇ ਪੰਚਾਇਤ ਅਫਸਰ,
ਪਾਤੜਾਂ, ਜ਼ਿਲ੍ਹਾ ਪਟਿਆਲਾ।                                    -----ਉੱਤਰਦਾਤਾ

**ਸ਼ਿਕਾਇਤ ਕੇਸ ਨੰ:1221 ਆਫ਼ 2018**

**ਹਾਜ਼ਰ:-** 1) ਸ਼੍ਰੀ ਦਰਸ਼ਨ ਰਾਮ, ਸ਼ਿਕਾਇਤਕਰਤਾ।
2) ਉੱਤਰਦਾਤਾ ਵੱਲੋਂ ਸ਼੍ਰੀ ਰਾਜਿੰਦਰ ਕੁਮਾਰ, ਪੰਚਾਇਤ ਸਕੱਤਰ (94178-51520)।

**ਹੁਕਮ:**

ਸ਼ਿਕਾਇਤਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ,2005 ਅਧੀਨ ਇਕ ਬਿਨੈ ਪੱਤਰ ਮਿਤੀ 15-09-2018, ਲੋਕ ਸੂਚਨਾ ਅਧਿਕਾਰੀ ਦਫਤਰ ਬਲਾਕ ਵਿਕਾਸ ਤੇ ਪੰਚਾਇਤ ਅਫਸਰ, ਪਾਤੜਾਂ, ਜ਼ਿਲ੍ਹਾ ਪਟਿਆਲਾ ਨੂੰ ਪੇਸ਼ ਕੀਤਾ ਗਿਆ ਸੀ ਜਿਸ ਰਾਹੀਂ ਉਸ ਨੇ ਸ਼੍ਰੀ ਸੁਖਦੇਵ ਸਿੰਘ ਦੇ ਪਿੰਡ ਢਾਬੀ ਦੇ ਸਰਪੰਚ ਬਣਨ ਤੋਂ ਬਾਅਦ ਗਰਾਮ ਪੰਚਾਇਤ ਨੂੰ ਮਿਲੀ ਗਰਾਂਟ ਅਤੇ ਪੰਚਾਇਤੀ ਜ਼ਮੀਨ ਆਦਿ ਨਾਲ ਸਬੰਧਤ 06 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 27-11-2018 ਨੂੰ ਕਮਿਸ਼ਨ ਕੋਲ ਸ਼ਿਕਾਇਤ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਕਮਿਸ਼ਨ ਵੱਲੋਂ ਮਿਤੀ 03-01-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 05-02-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਸਮੇਂ ਦੋਵੇਂ ਧਿਰਾਂ ਦੋਵੇਂ ਨੂੰ ਸੁਣਿਆ ਗਿਆ। ਉੱਤਰਦਾਤਾ ਵੱਲੋਂ ਹਾਜ਼ਰ ਸ਼੍ਰੀ ਰਾਜਿੰਦਰ ਕੁਮਾਰ, ਪੰਚਾਇਤ ਸਕੱਤਰ ਨੇ ਦੱਸਿਆ ਹੈ ਕਿ ਕਮਿਸ਼ਨ ਦੇ ਹੁਕਮ, ਮਿਤੀ 05-02-2019 ਅਨੁਸਾਰ ਸ਼ਿਕਾਇਤਕਰਤਾ ਨੂੰ ਮੰਗੀ ਗਈ ਸੂਚਨਾ (ਕੁੱਲ 555 ਪੰਨੇ) ਕਵਰਿੰਗ ਪੱਤਰ ਸਹਿਤ ਮੁਹੱਈਆ ਕਰਵਾਈ ਜਾ ਚੁੱਕੀ ਹੈ।ਉਨ੍ਹਾਂ ਵੱਲੋਂ ਇਸ ਬਾਰੇ ਆਪਣੇ ਪੱਤਰ, ਮਿਤੀ 08-02-2019 ਰਾਹੀਂ ਕਮਿਸ਼ਨ ਨੂੰ ਵੀ ਸੂਚਿਤ ਕੀਤਾ ਹੋਇਆ ਹੈ। ਸ਼ਿਕਾਇਤਕਰਤਾ ਨੇ ਪ੍ਰਾਪਤ ਸੂਚਨਾ ਤੇ ਤਸੱਲੀ ਪ੍ਰਗਟਾਈ ਹੈ। ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਸ਼ਿਕਾਇਤਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਸ਼ਿਕਾਇਤ ਕੇਸ ਦਾਖਲ ਦਫਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ, 07 ਮਾਰਚ, 2019.**                    **ਰਾਜ ਸੂਚਨਾ ਕਮਿਸ਼ਨਰ, ਪੰਜਾਬ।**